ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 19 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੬ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਨਾਗਪੁਰ 'ਚ ਭੜਕੀ ਹਿੰਸਾ, 2 ਦਰਜਨ ਤੋਂ ਵੱਧ ਵਾਹਨ ਰਾਖ

# 10 ਇਲਾਕਿਆਂ 'ਚ ਕਰਫਿਊ, 65 ਦੰਗਾਕਾਰੀ ਗ੍ਰਿਫ਼ਤਾਰ

**ਨਾਗਪੁਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਦੇ ਨਾਗਪੁਰ ਸ਼ਹਿਰ ਵਿੱਚ ਸੋਮਵਾਰ 17 ਮਾਰਚ ਨੂੰ ਸ਼ੁਰੂ ਹੋਇਆ ਔਰੰਗਜ਼ੇਬ ਦੀ ਕਬਰ ਨੂੰ ਲੈ ਕੇ ਵਿਵਾਦ ਹਿੰਸਕ ਝੜਪਾਂ ਅਤੇ ਅੱਗਜ਼ਨੀ ਵਿੱਚ ਬਦਲ ਗਿਆ। ਹਿੰਸਾ ਸ਼ਹਿਰ ਦੇ ਮਾਹਲ ਇਲਾਕੇ 'ਚ ਵਾਪਰੀ, ਜਿੱਥੇ ਦੋ ਗੁੱਟਾਂ ਵਿਚਾਲੇ ਤਣਾਅ ਵਧਣ ਤੋਂ ਬਾਅਦ ਪਥਰਾਅ, ਵਾਹਨਾਂ ਨੂੰ ਸਾੜਨ ਅਤੇ ਪੁਲਿਸ 'ਤੇ ਹਮਲਿਆਂ ਦੀਆਂ ਘਟਨਾਵਾਂ ਸਾਹਮਣੇ ਆਈਆਂ। ਪੁਲਿਸ ਨੇ ਸਥਿਤੀ ਨੂੰ ਕਾਬੂ ਕਰਨ ਲਈ ਲਾਠੀਚਾਰਜ ਅਤੇ ਅੱਥਰੂ ਗੈਸ ਦੀ ਵਰਤੋਂ ਕੀਤੀ। ਹਿੰਸਾ 'ਚ ਪੁਲਿਸ ਮੁਲਾਜ਼ਮਾਂ ਸਮੇਤ ਘੱਟੋ-ਘੱਟ 11 ਲੋਕ ਜ਼ਖ਼ਮੀ ਹੋ ਗਏ। ਭੜਕੀ ਹਿੰਸਾ ਨੂੰ ਦੇਖਦੇ ਹੋਏ ਨਾਗਪੁਰ ਸ਼ਹਿਰ ਦੇ ਕਈ ਇਲਾਕਿਆਂ 'ਚ ਕਰਫਿਊ ਲਗਾ ਦਿੱਤਾ ਗਿਆ ਹੈ। ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਅਫਵਾਹਾਂ 'ਤੇ ਧਿਆਨ ਨਾ ਦੇਣ ਦੀ ਅਪੀਲ ਕੀਤੀ ਹੈ। ਵਿਵਾਦ ਉਦੋਂ ਸ਼ੁਰੂ ਹੋਇਆ ਜਦੋਂ ਵਿਸ਼ਵ ਹਿੰਦੂ ਪ੍ਰੀਸ਼ਦ ਅਤੇ



ਬਜਰੰਗ ਦਲ ਦੇ ਕਾਰਕੁਨਾਂ ਨੇ ਸੋਮਵਾਰ ਨੂੰ ਨਾਗਪੁਰ ਦੇ ਮਹਿਲ ਗਾਂਧੀ ਗੇਟ ਕੰਪਲੈਕਸ ਵਿੱਚ ਛਤਰਪਤੀ ਸ਼ਿਵਾਜੀ ਮਹਾਰਾਜ ਦੀ ਮੂਰਤੀ ਦੇ ਸਾਹਮਣੇ ਔਰੰਗਜ਼ੇਬ ਦਾ ਪੁਤਲਾ ਫੂਕਿਆ। ਇਨ੍ਹਾਂ ਜਥੇਬੰਦੀਆਂ ਨੇ ਕਿਹਾ ਕਿ ਖ਼ੁਲਦਾਬਾਦ (ਛਤਰਪਤੀ ਸੰਭਾਜੀਨਗਰ) ਵਿੱਚ ਸਥਿਤ ਔਰੰਗਜ਼ੇਬ ਦੇ ਮਕਬਰੇ ਨੂੰ ਹਟਾਇਆ ਜਾਵੇ। ਉਹ ਦਲੀਲ ਦਿੰਦਾ ਹੈ ਕਿ ਔਰੰਗਜ਼ੇਬ ਇੱਕ "ਜ਼ਾਲਮ ਸ਼ਾਸਕ" ਸੀ, ਅਤੇ ਉਸਦੀ ਕਬਰ ਦੀ ਵਡਿਆਈ ਸਵੀਕਾਰਯੋਗ ਨਹੀਂ ਹੈ। ਪੁਲਿਸ ਨੇ ਧਰਨੇ ਦੌਰਾਨ ਸਥਿਤੀ ਨੂੰ ਸ਼ਾਂਤ ਕੀਤਾ ਸੀ ਪਰ ਸ਼ਾਮ ਤੱਕ ਮਾਮਲਾ ਫਿਰ ਭਖ ਗਿਆ। ਸ਼ਾਮ 7:00 ਤੋਂ 7:30 ਵਜੇ ਦੇ ਵਿਚਕਾਰ, ਹਿੰਦੂ ਸੰਗਠਨਾਂ ਦੇ ਪ੍ਰਦਰਸ਼ਨ 'ਤੇ ਨਾਰਾਜ਼ਗੀ ਜ਼ਾਹਰ ਕਰਦੇ ਹੋਏ, ਸ਼ਿਵਾਜੀ ਚੌਕ ਨੇੜੇ ਇੱਕ ਸਮੂਹ ਨੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਇਸ ਦੇ ਜਵਾਬ ਵਿਚ ਇਕ ਹੋਰ ਧੜਾ ਵੀ ਨਾਅਰੇਬਾਜ਼ੀ ਵਿਚ ਸ਼ਾਮਲ ਹੋ ਗਿਆ, ਜਿਸ ਨਾਲ ਤਣਾਅ ਵਧ ਗਿਆ। ਇਸ ਦੌਰਾਨ ਇਹ ਅਫਵਾਹ ਫੈਲ ਗਈ ਕਿ ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਬਜਰੰਗ ਦਲ ਸਮੇਤ ਹਿੰਦੂ ਸੰਗਠਨਾਂ ਦੇ ਕਾਰਕੁਨਾਂ ਨੇ ਰੋਸ ਪ੍ਰਦਰਸ਼ਨ ਦੌਰਾਨ ਉਸ 'ਤੇ ਲਿਖਿਆ ਪਵਿੱਤਰ ਕਲਮਾ (ਇਸਲਾਮਿਕ ਪ੍ਰਾਰਥਨਾ) ਅਤੇ ਇਕ ਪਵਿੱਤਰ ਗ੍ਰੰਥ ਵਾਲਾ ਕੱਪੜਾ ਸਾੜ ਦਿੱਤਾ। ਇਸ ਅਫਵਾਹ ਨੇ ਅੱਗ 'ਤੇ ਤੇਲ ਪਾ ਦਿੱਤਾ ਅਤੇ ਸਥਿਤੀ ਕਾਬੂ ਤੋਂ ਬਾਹਰ ਹੋ ਗਈ।




## ਕੇਂਦਰ ਸਰਕਾਰ ਨੇ ਕਿਸਾਨਾਂ ਨੂੰ ਭੇਜਿਆ ਸੱਦਾ, ਅੱਜ 19 ਮਾਰਚ ਨੂੰ ਚੰਡੀਗੜ੍ਹ 'ਚ ਹੋਵੇਗੀ ਮੰਗਾਂ 'ਤੇ ਗੱਲਬਾਤ

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਮੰਗਾਂ 'ਤੇ ਗੱਲਬਾਤ ਲਈ ਕਿਸਾਨ ਜਥੇਬੰਦੀਆਂ ਨੂੰ ਮੀਟਿੰਗ ਦਾ ਸੱਦਾ ਦਿੱਤਾ ਹੈ। ਲੰਮੇ ਸਮੇਂ ਤੋਂ ਮੰਗਾਂ ਮਨਵਾਉਣ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ 19 ਮਾਰਚ ਨੂੰ ਚੰਡੀਗੜ੍ਹ ਵਿਖੇ ਮੀਟਿੰਗ ਦਾ ਸੱਦਾ ਮਿਲਿਆ ਹੈ। ਕੇਂਦਰ ਸਰਕਾਰ ਦੇ ਖੇਤੀ ਮੰਤਰਾਲੇ ਵੱਲੋਂ ਇਹ ਮੀਟਿੰਗ ਚੰਡੀਗੜ੍ਹ ਦੇ ਸੈਕਟਰ 26 ਸਥਿਤ ਮਹਾਤਮਾ ਗਾਂਧੀ ਇੰਸਟੀਚਿਊਟ ਵਿਖੇ ਰੱਖੀ ਗਈ ਹੈ, ਜਿਸ 'ਚ ਕਿਸਾਨਾਂ ਨੂੰ 11 ਵਜੇ ਪਹੁੰਚਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਤੇ ਕਿਸਾਨਾਂ ਵਿਚਾਲੇ ਪਿਛਲੀ ਮੀਟਿੰਗ ਵਿੱਚ ਕੋਈ ਫੈਸਲਾ ਨਹੀਂ ਹੋ ਸਕਿਆ ਸੀ। 22 ਫਰਵਰੀ ਨੂੰ 6ਵੇਂ ਗੇੜ ਦੀ ਮੀਟਿੰਗ ਵਿੱਚ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਪ੍ਰਹਿਲਾਦ ਜੋਸ਼ੀ ਅਤੇ ਪਿਊਸ਼ ਗੋਇਲ ਗੱਲਬਾਤ ਲਈ ਆਏ ਸਨ। ਇਹ ਮੀਟਿੰਗ ਤਕਰੀਬਨ 3 ਘੰਟੇ ਚੱਲੀ ਸੀ, ਪਰ ਕੋਈ ਗੱਲ ਨਹੀਂ ਬਣੀ ਸੀ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਸੱਦੇ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਕੇਂਦਰ ਦੀ ਚਿੱਠੀ ਵਿੱਚ ਪਹਿਲਾਂ ਮਿਲੇ ਸੱਦੇ ਤਹਿਤ ਸਿਰਫ਼ ਸਮਾਂ ਤਬਦੀਲ ਹੋਇਆ ਹੈ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ (ਗ਼ੈਰ ਸਿਆਸੀ) ਅਤੇ ਕਿਸਾਨ ਮਜਦੂਰ ਮੋਰਚਾ ਨੂੰ ਮੀਟਿੰਗ ਬਾਰੇ ਚਿੱਠੀ ਰਾਹੀਂ ਸੂਚਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸਾਨ ਤੇ ਮਜਦੂਰ ਆਗੂ ਮੀਟਿੰਗ ਲਈ ਸਵੇਰੇ 8 ਵਜੇ ਤੋਂ ਹੀ ਚੰਡੀਗੜ੍ਹ ਪੁੱਜਣ ਦੀ ਤਿਆਰੀ ਕਰਨਗੇ। ਇਸ ਦੇ ਨਾਲ ਹੀ ਉਹ ਕੇਂਦਰ ਨਾਲ ਇਹ ਮੀਟਿੰਗ ਪੌਜ਼ੀਟਿਵ ਨਤੀਜੇ ਨਿਕਲਣ ਦੇ ਹਿਸਾਬ ਨਾਲ ਕਰ ਰਹੇ ਹਨ, ਕਿਉਂਕਿ ਕਿਸਾਨਾਂ ਦੇ ਸੰਘਰਸ਼ ਨੂੰ 398 ਦਿਨਾਂ ਦਾ ਲੰਮਾ ਸਮਾਂ ਹੋ ਗਿਆ ਹੈ।

## 'ਪੰਜਾਬ 'ਚ ਉਹੀ ਹਿਮਾਚਲ ਵਾਲੀ ਗੱਡੀ ਐਂਟਰ ਹੋਵੇਗੀ ਜਿਸ 'ਤੇ ਲੱਗਿਆ ਹੋਵੇਗਾ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਪੋਸਟਰ'

**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਹਿਮਾਚਲ ਪ੍ਰਦੇਸ਼ ਦੀਆਂ ਸੜਕਾਂ 'ਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਫੋਟੋਆਂ ਵਾਲੇ ਸਟਿਕਰ ਅਤੇ ਝੰਡੇ ਲਾਹੁਣ ਦਾ ਮਾਮਲਾ ਹੁਣ ਭਖਦਾ ਹੋਇਆ ਨਜ਼ਰ ਆ ਰਿਹਾ ਹੈ। ਇਸ ਮਾਮਲੇ ਦੇ ਮਗਰੋਂ ਹੁਣ ਸਿੱਖ ਯੂਥ ਆਫ਼ ਪੰਜਾਬ ਅਤੇ ਦਲ ਖਾਲਸਾ ਨੇ ਅਜੀਬ ਗਰੀਬ ਐਕਸ਼ਨ ਲੈਂਦਿਆਂ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਅਤੇ ਸਿਖ ਯੂਥ ਆਫ਼ ਪੰਜਾਬ ਦੇ ਮੁੱਖ ਸੇਵਾਦਾਰ ਗੁਰਨਾਮ ਸਿੰਘ ਮੂਨਕਾ ਦੀ ਅਗਵਾਈ ਵਿੱਚ ਨੌਜਵਾਨਾਂ ਨੇ ਹੁਸ਼ਿਆਰਪੁਰ ਦੇ ਬੱਸ ਸਟੈਂਡ 'ਤੇ ਖੜ੍ਹੀਆਂ ਹਿਮਾਚਲ ਪ੍ਰਦੇਸ਼ ਦੀਆਂ ਬੱਸਾਂ ਉੱਪਰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਫੋਟੋਆਂ ਵਾਲੇ ਸਟਿਕਰ ਲਗਾ ਦਿੱਤੇ। ਇਸ ਦੇ ਨਾਲ ਨਾਲ ਹਿਮਾਚਲ ਦੇ ਪੰਜਾਬ ਦੀ ਹੱਦ ਦੇ ਵਿੱਚ ਦਾਖਲ ਹੁੰਦੀਆਂ ਪ੍ਰਾਈਵੇਟ ਕਾਰਾਂ, ਗੱਡੀਆਂ ਅਤੇ ਭਾਰ ਢੋਣ ਵਾਲੇ ਵਾਹਨਾਂ ਉੱਪਰ ਵੀ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਤਸਵੀਰਾਂ ਵਾਲੇ ਸਟਿਕਰ ਲਗਾ ਦਿੱਤੇ। ਇਸ ਮੌਕੇ ਦਲ ਖਾਲਸਾ ਅਤੇ ਸਿੱਖ ਯੂਥ ਆਫ



ਪੰਜਾਬ ਦੇ ਮੁੱਖ ਸੇਵਾਦਾਰ ਗੁਰਨਾਮ ਸਿੰਘ ਮੂਨਕਾ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਹਿਮਾਚਲ ਪ੍ਰਦੇਸ਼ ਵਿੱਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਤਸਵੀਰਾਂ ਦੀਆਂ ਬੇਅਦਬੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਅਮਨ ਅਰੋੜਾ 'ਤੇ ਹੋਰ ਵੱਖਵਾਦੀ ਲੋਕਾਂ ਵੱਲੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਖਿਲਾਫ ਬਿਆਨਬਾਜ਼ੀ ਕੀਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਅੱਤਵਾਦੀ ਦੱਸਿਆ ਜਾ ਰਿਹਾ ਹੈ। ਜਿਸ ਦਾ ਦਲ ਖਾਲਸਾ ਅਤੇ ਸਿੱਖ ਯੂਥ ਆਫ ਪੰਜਾਬ ਜਬਰਦਸਤ ਵਿਰੋਧ ਕਰਦਾ ਹੋਇਆ ਅੱਜ ਤੋਂ ਇਹ ਐਕਸ਼ਨ ਸ਼ੁਰੂ ਕਰਦਾ ਹੈ ਕਿ ਹਿਮਾਚਲ ਤੋਂ ਆਉਣ ਵਾਲੀਆਂ ਹਰ ਗੱਡੀਆਂ ਦੇ ਉੱਤੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਤਸਵੀਰਾਂ ਲਾਈਆਂ ਜਾਣਗੀਆਂ।

## ਹਿਮਾਚਲ ਦੇ ਕੁੱਲੂ ਸ਼ਹਿਰ 'ਚ ਸੰਤਾਂ ਦੀ ਤਸਵੀਰ ਅਤੇ ਨਿਸ਼ਾਨ ਸਾਹਿਬ ਦਾ ਅਪਮਾਨ ਕਰਨ ਵਾਲੇ ਘਟੀਆ ਅਨਸਰ ਬਾਜ ਆਉਣ :- ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ

**ਚੌਕ ਮਹਿਤਾ 18 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਸ਼ੋਸ਼ਲ ਮੀਡੀਆ ਤੇ ਕੁੱਲੂ ਤੋਂ ਇਕ ਘਟਨਾ ਦੀ ਵੀਡੀਓ ਸਾਹਮਣੇ ਆਈ ਹੈ ਜਿਸ 'ਚ ਹਿਮਾਚਲ ਪੁਲਿਸ ਦੇ ਕੁਝ ਅਧਿਕਾਰੀ ਨਿਸ਼ਾਨ ਸਾਹਿਬ ਤੇ ਲੱਗੀ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਉਤਾਰ ਰਹੇ ਹਨ ਅਤੇ ਉਸ ਤਸਵੀਰ ਦਾ ਅਤੇ ਨਿਸ਼ਾਨ ਸਾਹਿਬ ਦਾ ਨਿਰਾਦਰ ਕਰ ਰਹੇ ਹਨ ।ਅਸੀ ਇਹਨਾਂ ਅਨਸਰਾਂ ਨੂੰ ਦੱਸਣਾ ਚਾਹੁੰਦੇ ਹਾਂ ਕਿ ਸੰਤ ਬਾਬਾ ਜਰਨੈਲ਼ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਦਮਦਮੀ ਟਕਸਾਲ ਜਥੇਬੰਦੀ ਦੇ 14 ਵੇਂ ਮੁਖੀ ਸਨ ਅਤੇ ਸੰਤਾਂ ਦੀ ਤਸਵੀਰ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਸ਼ੋਭਿਤ ਹੈ ਅਤੇ ਏਥੇ ਹੀ ਮਹਾਂਪੁਰਸ਼ਾਂ ਦੀ ਯਾਦ 'ਚ ਗੁਰਦੁਆਰਾ ਸ਼ਹੀਦੀ ਯਾਦਗਰ ਸਾਹਿਬ ਸ਼ੁਭਾਇਮਾਨ ਹੈ , ਸੰਤਾਂ ਦੀਆਂ ਤਸਵੀਰਾਂ ਉਤਾਰਕੇ ਤੁਸੀ ਅਣਜਾਣਪੁਣੇ 'ਚ ਮਹਾਂਪੁਰਸ਼ਾਂ ਦੀ ਤਸਵੀਰ ਨਾਲ ਨਫਰਤ ਕਰਨੀ ਬੰਦ ਕਰੋ । ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਸ਼ਾਂ ਦਾ ਸਾਰੀ ਸਿੱਖ ਕੌਮ ਪੂਰਨ ਤੌਰ ਤੇ ਪੂਰਨ ਸਤਿਕਾਰ ਕਰਦੀ ਹੈ ਅਤੇ ਤੁਸੀ ਲੋਕ ਮਹਾਂਪੁਰਸ਼ਾ ਦੀਆਂ ਤਸਵੀਰਾਂ ਪਾੜਕੇ ਆਪਣੀ ਘਟੀਆ ਮਾਨਸਿਕਤਾ ਦਾ ਪ੍ਰਗਟਾਵਾ ਕਰਦੇ ਓ ,ਅਸੀ ਦਮਦਮੀ ਟਕਸਾਲ ਵੱਲੋਂ ਹਿਮਾਚਲ ਸਰਕਾਰ ਨੂੰ ਅਤੇ ਸ਼ਰਾਰਤੀ ਲੋਕਾਂ ਨੂੰ ਚਿਤਾਵਨੀ ਦਿੰਦੇ ਹਾਂ ਇਹ ਘਟੀਆ ਕੰਮ ਬੰਦ ਕਰੋ ਨਹੀ ਤੇ ਆਉਣ ਵਾਲੇ ਸਮੇਂ 'ਚ ਇਸ ਦੇ ਗੰਭੀਰ ਨਤੀਜੇ ਵੀ ਨਿਕਲ ਸਕਦੇ ਹਨ।





## ਪੰਜਾਬ ਪੁਲਸ ਵੱਲੋਂ ਯੂ. ਟਿਊਬਰ ਦਾ ਐਨਕਾਊਂਟਰ, ਹੋ ਗਏ ਵੱਡੇ ਖ਼ੁਲਾਸੇ

**ਜਲੰਧਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਰਾਏਪੁਰ ਰਸੂਲਪੁਰ ਵਿਚ ਹੋਏ ਗ੍ਰਨੇਡ ਹਮਲੇ ਦੇ ਮਾਮਲੇ ਵਿਚ ਪੰਜਾਬ ਪੁਲਸ ਵੱਲੋਂ ਇਕ Youtuber ਦਾ ਐਨਕਾਊਂਟਰ ਕੀਤਾ ਗਿਆ ਹੈ। ਪੁਲਸ ਮੁਕਾਬਲੇ ਦੌਰਾਨ ਉਹ ਲੱਤ ਵਿਚ ਗੋਲ਼ੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਲੰਧਰ ਦਿਹਾਤੀ ਦੇ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਦੱਸਿਆ ਕਿ 16 ਮਾਰਚ ਨੂੰ ਜਲੰਧਰ ਵਿਚ Youtuber ਰੋਜਰ ਸੰਧੂ ਦੇ ਘਰ 'ਤੇ ਗ੍ਰਨੇਡ ਸੁੱਟਿਆ ਗਿਆ ਸੀ, ਪਰ ਗ੍ਰਨੇਡ ਫਟਿਆ ਨਹੀ ਸੀ। ਇਸ ਮਾਮਲੇ ਦੀ ਜਾਂਚ ਲਈ ਪੁਲਸ ਟੀਮਾਂ ਦਾ ਗਠਨ ਕੀਤਾ ਗਿਆ ਸੀ। ਜਾਂਚ ਦੌਰਾਨ ਗ੍ਰਨੇਡ ਸੁੱਟਣ ਵਾਲੇ ਮੁਲਜ਼ਮ ਦੀ ਪਛਾਣ ਯਮੁਨਾਨਗਰ ਦੇ ਪਿੰਡ ਵੇਹਤਾ ਵਾਸੀ ਹਾਰਦਿਕ ਕੰਬੋਜ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਕੰਬੋਜ ਨੂੰ ਸੋਮਵਾਰ ਨੂੰ ਪਿੰਡ ਵੇਹਤਾ ਤੋਂ ਗ੍ਰਿਫ਼ਤਾਰ ਕਰ ਲਿਆ ਸੀ। ਐੱਸ.ਐੱਸ.ਪੀ ਨੇ ਦੱਸਿਆ ਕਿ ਹਥਿਆਰ ਦੀ ਬਰਾਮਦਗੀ ਲਈ ਪੁਲਸ ਪਾਰਟੀ ਕੰਬੋਜ ਨੂੰ ਲੈ ਕੇ ਗਈ ਸੀ, ਜਿੱਥੇ ਉਸ ਨੇ ਪੁਲਸ ਪਾਰਟੀ 'ਤੇ ਗੋਲ਼ੀ ਚਲਾ ਦਿੱਤੀ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਆਤਮ-ਰੱਖਿਆ ਵਿਚ ਜਵਾਬੀ ਫ਼ਾਇਰਿੰਗ ਵਿਚ ਕੰਬੋਜ ਜ਼ਖ਼ਮੀ ਹੋ ਗਿਆ। ਉਨ੍ਹਾਂ ਕਿਹਾ ਕਿ ਉਸ ਨੂੰ ਇਲਾਜ ਲਈ ਜਲੰਧਰ ਦੇ ਸਿਵਲ ਹਸਪਤਾਲ ਦਾਖ਼ਲ ਕਰਵਾ ਦਿੱਤਾ ਗਿਆ ਹੈ। ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਦੱਸਿਆ ਕਿ ਹਾਰਦਿਕ ਕੰਬੋਜ ਪੇਸ਼ੇ ਤੋਂ Youtuber ਹੈ ਤੇ ਇਸ ਦੇ ਗੈਂਗਸਟਰਾਂ ਨਾਲ ਲਿੰਕ ਹਨ। ਉਹ Instagram ਰਾਹੀਂ ਪਾਕਿਸਤਾਨੀ Youtuber ਸ਼ਿਹਜ਼ਾਦ ਭੱਟੀ ਨਾਲ ਜੁੜਿਆ ਸੀ। ਦੋਹਾਂ ਵਿਚਾਲੇ ਕਿਸੇ ਗੱਲ ਨੂੰ ਲੈ ਕੇ ਵਿਵਾਦ ਹੋ ਗਿਆ, ਜਿਸ ਕਾਰਨ ਭੱਟੀ ਨੇ ਸੰਧੂ ਦੇ ਘਰ 'ਤੇ ਗ੍ਰਨੇਡ ਹਮਲਾ ਕਰਵਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਨਕੋਦਰ ਦੇ ਪਿੰਡ ਸ਼ੰਕਰ ਦੇ ਨੌਜਵਾਨ ਦਾ ਨਾਂ ਵੀ ਸਾਹਮਣੇ ਆ ਰਿਹਾ ਹੈ। ਪੁਲਸ ਵੱਲੋਂ ਡੂੰਘਾਈ ਨਾਲ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਸੁਖਬੀਰ ਸਿੰਘ ਬਾਦਲ ਨਾਲ ਬੈਠਕ ਮਗਰੋਂ ਹਰਜਿੰਦਰ ਸਿੰਘ ਧਾਮੀ ਵਲੋਂ ਅਸਤੀਫ਼ਾ ਵਾਪਸ ਲੈਣ ਦਾ ਐਲਾਨ

**ਹੁਸ਼ਿਆਰਪੁਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੇ ਅਹੁਦੇ ਤੋਂ ਦਿੱਤਾ ਅਸਤੀਫਾ ਵਾਪਸ ਲੈਣ ਦਾ ਐਲਾਨ ਕਰ ਦਿੱਤਾ ਹੈ। ਧਾਮੀ ਨੇ ਇਹ ਫ਼ੈਸਲਾ ਸੁਖਬੀਰ ਸਿੰਘ ਬਾਦਲ ਅਤੇ ਬਲਵਿੰਦਰ ਸਿੰਘ ਭੂੰਦੜ ਨਾਲ ਮੀਟਿੰਗ ਤੋਂ ਬਾਅਦ ਲਿਆ ਹੈ। ਧਾਮੀ ਨੇ ਇਹ ਵੀ ਆਖਿਆ ਹੈ ਕਿ ਉਹ ਇਕ-ਦੋ ਦਿਨਾਂ ਵਿਚ ਮੁੜ ਆਪਣਾ ਅਹੁਦਾ ਸੰਭਾਲ ਲੈਣਗੇ। ਲਗਭਗ ਇਕ ਘੰਟਾ ਚੱਲੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਧਾਮੀ ਨੇ ਕਿਹਾ ਕਿ ਬੜੇ ਲੰਮੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ, ਸਿੰਘ ਸਾਹਿਬਾਨ ਤੇ ਸ਼੍ਰੋਮਣੀ ਅਕਾਲੀ ਦਲ ਵਲੋਂ ਵਾਰ-ਵਾਰ ਮੈਨੂੰ ਅਸਤੀਫ਼ਾ ਵਾਪਸ ਲੈਣ ਲਈ ਅਪੀਲ ਕੀਤੀ ਜਾ ਰਹੀ ਸੀ। ਕੱਲ੍ਹ ਵੀ ਐੱਸ. ਜੀ. ਪੀ. ਸੀ. ਦੀ ਐਗਜ਼ੀਕਿਊਟਿਵ ਕਮੇਟੀ ਦੇ ਮਤੇ ਅਨੁਸਾਰ ਅਸਤੀਫਾ ਵਾਪਸ ਕਰਵਾਇਆ ਗਿਆ। ਅੱਜ ਅਕਾਲੀ ਦਲ ਦੀ ਲੀਡਰਸ਼ਿਪ ਬਲਵਿੰਦਰ ਸਿੰਘ ਭੂੰਦੜ, ਸੁਖਬੀਰ ਸਿੰਘ ਬਾਦਲ, ਜਨਮੇਜਾ ਸਿੰਘ ਸੇਖੋਂ ਤੋਂ ਇਲਾਵਾ ਹੋਰ ਆਗੂ ਮੇਰੇ ਘਰ ਪਹੁੰਚੇ ਅਤੇ ਮੈਨੂੰ ਅਸਤੀਫਾ ਵਾਪਸ ਲੈਣ ਦੀ ਅਪੀਲ ਕੀਤੀ। ਧਾਮੀ ਨੇ ਕਿਹਾ ਕਿ ਉਹ ਇਕ ਦੋ-ਦਿਨ ਵਿਚ ਮੁੜ ਸੇਵਾ ਸੰਭਾਲਣਗੇ।



## ਪੰਜ ਮੈਂਬਰੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਕੇ ਅਕਾਲੀ ਦਲ ਦੀ ਭਰਤੀ ਮੁਹਿੰਮ ਦੀ ਕੀਤੀ ਸ਼ੁਰੂਆਤ



**ਅੰਮ੍ਰਿਤਸਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਆਦੇਸ਼ਾਂ ਅਨੁਸਾਰ ਅਕਾਲੀ ਦਲ ਦੀ ਭਰਤੀ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਸੀ। ਪੰਜ ਮੈਂਬਰੀ ਕਮੇਟੀ ਵੱਲੋਂ ਅਕਾਲ ਤਖ਼ਤ ਸਾਹਿਬ 'ਤੇ ਅਰਦਾਸ ਕਰਕੇ ਅਕਾਲੀ ਦਲ ਦੀ ਭਰਤੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਜਗੀਰ ਕੌਰ ਅਤੇ ਹੋਰ ਅਕਾਲੀ ਆਗੂਆਂ ਨੇ ਕਿਹਾ ਕਿ ਅੱਜ ਅਕਾਲੀ ਦਲ ਦੀ ਭਰਤੀ ਮੁਹਿੰਮ ਦੀ ਸ਼ੁਰੂਆਤ ਪੰਜ ਮੈਂਬਰੀ ਕਮੇਟੀ ਵੱਲੋਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਪੰਜ ਮੈਂਬਰੀ ਕਮੇਟੀ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਹੋਏ ਹੁਕਮਨਾਮੇ ਅਨੁਸਾਰ ਬਣਾਈ ਗਈ ਸੀ। ਉਨ੍ਹਾਂ ਕਿਹਾ ਕਿ ਅੱਜ ਦੀ ਇਸ ਭਰਤੀ ਮੁਹਿੰਮ 'ਚ ਸਾਰੇ ਅਕਾਲੀਆਂ ਨੂੰ ਇੱਕਜੁੱਟ ਹੋ ਕੇ ਨਵੀਂ ਭਰਤੀ ਕਰਨੀ ਚਾਹੀਦੀ ਹੈ। ਆਗੂਆਂ ਨੇ ਕਿਹਾ ਕਿ ਅਕਾਲੀ ਦਲ ਦੀ ਭਰਤੀ ਨੂੰ ਲੈ ਕੇ ਪੂਰੇ ਪੰਜਾਬ 'ਚ ਲੋਕਾਂ ਦਾ ਬਹੁਤ ਸਾਰਾ ਉਤਸ਼ਾਹ ਹੈ ਅਤੇ ਇਸ ਭਰਤੀ ਨਾਲ 2027 'ਚ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜ ਮੈਂਬਰੀ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਅਕਾਲੀ ਦਲ ਦੀ ਨਵੀਂ ਭਰਤੀ ਦਾ ਹੁਕਮ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਉਨ੍ਹਾਂ ਨੂੰ ਹੁਕਮ ਮਿਲਿਆ ਸੀ ਅਤੇ ਹੁਣ ਉਨ੍ਹਾਂ ਵੱਲੋਂ ਅੱਜ ਅਰਦਾਸ ਕਰਕੇ ਅਕਾਲੀ ਦਲ ਦੀ ਨਵੀਂ ਭਰਤੀ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਦੇ ਨਾਲ ਹੀ ਅਕਾਲੀ ਦਲ ਦੀ ਭਰਤੀ ਦੀ ਸ਼ੁਰੂਆਤ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪਹਿਲੀ ਰਸੀਦ ਕਟਵਾ ਕੇ ਕੀਤੀ ।ਉਨ੍ਹਾਂ ਕਿਹਾ ਕਿ ਇਸ ਭਰਤੀ ਲਈ ਸਾਨੂੰ ਪੰਥ ਤੇ ਸਿੱਖ ਸੰਗਠਨਾਂ ਦੇ ਸਮਰਥਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ 5 ਮੈਂਬਰ ਕਮੇਟੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੀ ਨਵੀਂ ਭਰਤੀ ਸ਼ੁਰੂ ਕਰਨਗੇ ਤੇ ਇਹ ਮੈਂਬਰਸ਼ਿਪ ਮੈਂਬਰ ਦੇ ਆਧਾਰ ਕਾਰਡ ਰਿਕਾਰਡ ਦੇ ਨਾਲ ਸਾਫ਼-ਸੁਥਰੀ ਹੋਵੇਗੀ। ਉਨ੍ਹਾਂ ਕਿਹਾ ਕਿ ਅਸੀਂ ਸ਼੍ਰੋਮਣੀ ਅਕਾਲੀ ਦਲ ਤੇ ਸਿੱਖ ਸੰਗਠਨਾਂ ਦੇ ਹਰੇਕ ਮੈਂਬਰ ਨਾਲ ਮੁਲਾਕਾਤ ਕਰਾਂਗੇ ਅਤੇ ਇਹ ਭਰਤੀ 6 ਮਹੀਨਿਆਂ ਤੱਕ ਜਾਰੀ ਰਹੇਗੀ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ | Naam Japo
ਕਿਰਤ ਕਰੋ | Kirat Karo
ਵੰਡ ਛਕੋ | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsal uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ | ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ | ਪੰਥ ਕੀ ਜੀਤ

ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ

# ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

ਮਿਤੀ 25 ਮਾਰਚ, 2025
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ)

ਮਿਤੀ 26 ਮਾਰਚ, 2025
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

ਮਿਤੀ 27 ਮਾਰਚ, 2025
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜ਼ੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਛੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਛੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਕਰ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ੴ ਸਤਿਗੁਰ ਪ੍ਰਸਾਦਿ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


धर्म प्रचार
हरियाणा सिख गुरुद्वारा प्रबंधक कमेटी
की तरफ से
धन-धन श्री गुरु गोबिंद सिंह जी के परम् सेवक शहीद पीर बुधु शाह जी के
321 वें शहीदी दिवस को समर्पित सालाना
गुरमत समागम
पीर बुधु शाह जी मैमोरियल हॉल (नजदीक गुरुद्वारा जन्म स्थान शहीद पीर बुधु शाह जी, सढौरा जिला यमुनानगर में
दिनांक 21-03-2025 दिन शुक्रवार को सवेरे 9:00 बजे से 3:00 बजे तक इलाके की सभी संगतों के सहयोग से मनाया जा रहा है।
आरंभ श्री आखंड पाठ साहिब 19-03-2025 दिन बुधवार
भोग श्री आखंड पाठ साहिब 21-03-2025 दिन शुक्रवार
गुरु का लंगर अटूट वरतेगा
LIVE ON
पहुंच रहे रागी जत्थे, ढाढी जत्थे व कथावाचक साहिबान
भाई बलप्रीत सिंह जी रागी जत्था, लुधियाना वाले
भाई जसबीर सिंह जी, हजूरी रागी जत्था गुरुद्वारा साहिब पातशाही छेवीं कुरुक्षेत्र
भाई रणजीत सिंह जी कथावाचक धर्म प्रचार (HSGMC)
भाई मोहन सिंह जी, हजूरी रागी जत्था गुरुद्वारा शहीद पीर बुधु शाह जी, सढौरा
भाई गुरविन्द्र सिंह जी, कथावाचक तलिबली वाले
भाई सुखवीर सिंह जी, शीतल ढाढी जत्था, धर्म प्रचार (HSGMC)
जत्थेदार भूपिन्द्र सिंह, असंध प्रधान हरियाणा सिख गुरुद्वारा प्रबंधक कमेटी
सरदार सुखविन्द्र सिंह मंढेबर, सचिव
सरदार हरबंस सिंह कड़कौली, मैंबर
सरदार अमरजीत सिंह, मैंबर
जत्थेदार बलजीत सिंह दादूवाल चैयरमैन, धर्म प्रचार हरियाणा सिख गुरुद्वारा प्रबंधक कमेटी
बेनती कर्ताः सचिव धर्म प्रचार, हरियाणा सिख गुरुद्वारा प्रबंधक कमेटी, सभी साध संगत व गुरुद्वारा शहीद पीर बुधु शाह जी प्रबंधक कमेटी व सेवा सोसाईटी, सढौरा
M.89292-55553, 98969-57535 94163-94177




**ਫਿਰੋਜ਼ਪੁਰ ਦੇ ਪਿੰਡ ਮਹਾਲਮ ਦੇ ਵਿੱਚ ਧੰਨ ਧੰਨ ਬਾਬਾ ਹਰਨਾਮ ਸਿੰਘ ਜੀ ਰੱਤੋਕਿਆਂ ਵਾਲਿਆਂ ਦੀ ਯਾਦ ਵਿੱਚ 21 ਮਾਰਚ ਨੂੰ ਹੋਣ ਵਾਲੇ ਜੋੜ ਮੇਲੇ ਦੇ ਲਈ ਨੌਜਵਾਨਾਂ ਵਿਚ ਉਤਸ਼ਾਹ ,ਜੋੜ ਮੇਲੇ ਵਿੱਚ ਪਹੁੰਚਣ ਲਈ ਨੋਜਵਾਨਾਂ ਨੇ ਸੰਗਤਾਂ ਨੂੰ ਕੀਤੀ ਅਪੀਲ।**

## ਫਿਰੋਜ਼ਪੁਰ ਤੋਂ ਸੁਖਮੰਦਰ ਸਿੰਘ ਸ਼ਾਤ ਦੀ ਰਿਪੋਰਟ

ਆਵਾਜ਼ਿ ਕੌਮ
AWAZE QAUM
International Newspaper & WEB TV




## ਪੰਜਾਬ ਪੁਲਿਸ ਨੇ ਸਰਹੱਦ ਪਾਰ ਡਰੱਗ ਕਾਰਟੈਲ ਦਾ ਪਰਦਾਫਾਸ਼ ਕੀਤਾ

# 8.08 ਕਿਲੋਗ੍ਰਾਮ ਹੈਰੋਇਨ, ਇੱਕ ਪਿਸਤੌਲ ਸਮੇਤ ਇੱਕ ਕਾਬੂ

**ਚੌਂਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ)**-ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੌਰਾਨ ਅੰਤਰਰਾਸ਼ਟਰੀ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਵੱਡਾ ਝਟਕਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ, ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਦਾ ਪਰਦਾਫਾਸ਼ ਕੀਤਾ ਹੈ ਅਤੇ ਉਸ ਦੇ ਕਬਜ਼ੇ 'ਚੋਂ 8.08 ਕਿਲੋ ਹੈਰੋਇਨ ਅਤੇ ਇੱਕ .30 ਬੋਰ ਪਿਸਤੌਲ ਸਮੇਤ ਪੰਜ ਕਾਰਤੂਸ ਬਰਾਮਦ ਕੀਤੇ ਹਨ ਪੁਲਿਸ ਡਾਇਰੈਕਟਰ ਜਨਰਲ ਪੰਜਾਬ ਗੌਰਵ ਯਾਦਵ ਨੇ ਵਲੋ ਦਿੱਤੀ ਜਾਣਕਾਰੀ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਨਸ਼ੀਲੇ ਪਦਾਰਥਾਂ ਦੇ ਤਸਕਰ ਦੀ ਪਛਾਣ ਧਰਮਿੰਦਰ ਸਿੰਘ ਉਰਫ਼ ਸੋਨੂੰ ਵਜੋਂ ਹੋਈ ਹੈ, ਜੋ ਕਿ ਅੰਮ੍ਰਿਤਸਰ ਦੇ ਪਿੰਡ ਹਰਸ਼ਾ ਛੀਨਾ ਦਾ ਰਹਿਣ ਵਾਲਾ ਹੈ। ਹੈਰੋਇਨ ਅਤੇ ਇੱਕ ਹਥਿਆਰ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸਦੀ ਹੁੰਡਈ ਕ੍ਰੇਟਾ ਕਾਰ ਜ਼ਬਤ ਕਰ ਲਈ ਹੈ, ਜਿਸਦੀ ਵਰਤੋਂ ਦੋਸ਼ੀ ਖੇਪਾਂ ਪਹੁੰਚਾਉਣ ਲਈ ਕਰ ਰਿਹਾ ਸੀ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤਾ ਗਿਆ ਵਿਅਕਤੀ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੇ ਸੰਪਰਕ ਵਿੱਚ ਸੀ, ਜੋ ਸਰਹੱਦ ਪਾਰੋਂ ਡਰੋਨ ਦੀ ਵਰਤੋਂ ਕਰਕੇ ਨਸ਼ੀਲੇ ਪਦਾਰਥਾਂ ਦੀ ਖੇਪ ਸੁੱਟਣ ਲਈ ਅਜਨਾਲਾ ਸੈਕਟਰ ਦੀ ਵਰਤੋਂ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪਿਛਲੇ ਅਤੇ ਅਗਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ, ਡੀਸੀਪੀ ਜਾਂਚ ਰਵਿੰਦਰ ਪਾਲ ਸਿੰਘ ਸੰਧੂ, ਏਡੀਸੀਪੀ ਜਾਂਚ ਨਵਜੋਤ ਸਿੰਘ ਅਤੇ ਏਸੀਪੀ ਉੱਤਰੀ ਕਮਲਜੀਤ ਸਿੰਘ ਦੀ ਨਿਗਰਾਨੀ ਹੇਠ ਅਤੇ ਇੰਸਪੈਕਟਰ ਰਣਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਪੁਲਿਸ ਟੀਮਾਂ ਨੇ ਉਪਰੋਕਤ ਦੋਸ਼ੀ ਧਰਮਿੰਦਰ ਉਰਫ ਸੋਨੂੰ ਨੂੰ ਅੰਮ੍ਰਿਤਸਰ ਦੇ ਮੈਂਟਲ ਹਸਪਤਾਲ ਨੇੜੇ ਉਸ ਸਮੇਂ ਗ੍ਰਿਫ਼ਤਾਰ ਕੀਤਾ ਜਦੋਂ ਉਹ ਕਿਸੇ ਦੀ ਖੇਪ ਪਹੁੰਚਾਉਣ ਦੀ ਉਡੀਕ ਕਰ ਰਿਹਾ ਸੀ ਸੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਉਸਦੇ ਇੱਕ ਹੋਰ ਸਾਥੀ ਦੀ ਵੀ ਪਛਾਣ ਕੀਤੀ ਹੈ ਅਤੇ ਉਸਨੂੰ ਨਾਮਜ਼ਦ ਕੀਤਾ ਹੈ, ਜਦੋਂ ਕਿ ਉਸ ਵਿਅਕਤੀ ਦੀ ਪਛਾਣ ਕਰਨ ਲਈ ਜਾਂਚ ਜਾਰੀ ਹੈ, ਜਿਸਨੂੰ ਖੇਪ ਪ੍ਰਾਪਤ ਹੋਣੀ ਸੀ। ਉਨ੍ਹਾਂ ਅੱਗੇ ਕਿਹਾ ਕਿ ਸਪਲਾਇਰਾਂ, ਡੀਲਰਾਂ ਅਤੇ ਖਰੀਦਦਾਰਾਂ ਦੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਦੇ ਨਾਲ-ਨਾਲ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੁਆਰਾ ਹੁਣ ਤੱਕ ਖਰੀਦੀਆਂ ਗਈਆਂ ਨਸ਼ੀਲੀਆਂ ਦਵਾਈਆਂ ਦੀ ਕੁੱਲ ਮਾਤਰਾ ਦਾ ਪਤਾ ਲਗਾਉਣ ਦੇ ਯਤਨ ਕੀਤੇ ਜਾ ਰਹੇ ਹਨ ਐਫਆਈਆਰ ਨੰ. 20 ਪੁਲਿਸ ਸਟੇਸ਼ਨ ਮਜੀਠਾ ਰੋਡ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21(ਸੀ), ਅਤੇ 29 ਅਤੇ ਅਸਲਾ ਐਕਟ ਦੀਆਂ ਧਾਰਾਵਾਂ 25 ਅਤੇ 27 ਤਹਿਤ ਦਰਜ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸਿੱਖ ਸੰਘਰਸ਼ ਦੇ ਮਹਾਨ ਜਰਨੈਲ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖੀ ਜਥੇਦਾਰ ਵਧਾਵਾ ਸਿੰਘ ਬੱਬਰ ਦੇ ਭੈਣ ਜੀ ਬਲਬੀਰ ਕੌਰ ਜੀ ਦੇ ਪਤੀ ਮੌਜੂਦਾ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਝੱਲਣ ਵਾਲੇ

# ਸਰਦਾਰ ਗੁਰਨਾਮ ਸਿੰਘ ਭੰਗਾਲਾ

ਜੋ ਬੀਤੇ ਦਿਨੀਂ 16 ਮਾਰਚ ਨੂੰ ਗੁਰਪੁਰੀ ਜਾ ਬਿਰਾਜੇ ਹਨ ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 19 ਮਾਰਚ ਨੂੰ ਪਿੰਡ ਭੰਗਾਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨੇੜ੍ਹੇ ਨੂਰਮਹਿਲ ਵਿਖੇ ਹੋਵੇਗਾ ਅਤੇ ਅੰਤਿਮ ਅਰਦਾਸ 25 ਮਾਰਚ ਦਿਨ ਮੰਗਲਵਾਰ ਨੂੰ ਹੋਵੇਗੀ।

ਆਪ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ

ਭਾਈ ਬਖਸ਼ੀਸ਼ ਸਿੰਘ ਮੁਖੀ ਅਖੰਡ ਕੀਰਤਨੀ ਜਥਾ ਭਾਰਤ, ਭਾਈ ਭੁਪਿੰਦਰ ਸਿੰਘ ਪਹਿਲਵਾਨ ਮੁਖੀ ਅਖੰਡ ਕੀਰਤਨੀ ਜਥਾ ਜਰਮਨੀ ।

ਹਵਾਰਾ ਕਮੇਟੀ ਵਲੋਂ ਬਾਪੂ ਗੁਰਚਰਨ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ, ਮਹਾਵੀਰ ਸਿੰਘ ਸੁਲਤਾਨਵਿੰਡ, ਸ੍ਰ.ਦਰਸ਼ਨ ਸਿੰਘ, ਉਤਮਪ੍ਰੀਤ ਸਿੰਘ ਅਤੇ ਜਸਪਾਲ ਸਿੰਘ

ਸੰਪਰਕ : 8146215678

ਆਵਾਜ਼ਿ ਕੌਮ AWAZE QAUM International Newspaper & WEB TV

ਅਕਾਲੀ ਦਲ ਬਾਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਬਾਦਲ ਦੀ ਟੀਮ ਵੱਲੋਂ 22 ਲੱਖ ਮੈਂਬਰ ਭਰਤੀ ਕਰਨ ਦਾ ਦਾਅਵਾ

# ਭਰਤੀ ਹੋਈ ਹੀ ਨਹੀਂ, ਕੇਵਲ ਦਫ਼ਤਰ ਬੈਠ ਕੇ ਫਾਰਮ ਭਰੇ ਗਏ : ਬਾਗੀ ਅਕਾਲੀ ਆਗੂ

## ਅੱਜ ਪੰਥ ਪੰਜਾਬ ਦੀ ਸਿਆਸਤ 'ਚ ਇਤਿਹਾਸਕ ਦਿਨ















**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਤੋਂ 2 ਦਸੰਬਰ ਨੂੰ ਜਾਰੀ ਹੁਕਮਨਾਮੇ ਅਧੀਨ ਅੱਜ ਅਕਾਲੀ ਦਲ ਦੀ ਭਰਤੀ ਸ੍ਰੀ ਅਕਾਲ ਤਖਤ ਤੋਂ ਅਰਦਾਸ ਕਰਕੇ ਸ਼ੁਰੂ ਹੋ ਰਹੀ ਹੈ ਸਤਿਕਾਰਯੋਗ ਹਰਪ੍ਰੀਤ ਸਿੰਘ ਜੱਥੇਦਾਰ, ਸਤਿਕਾਰਯੋਗ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ ਤੇ ਸਤਿਕਾਰਯੋਗ ਬਾਬਾ ਸਰਬਜੋਤ ਸਿੰਘ ਜੀ ਬੇਦੀ ਅਕਾਲ ਤਖਤ ਸਾਹਿਬ ਇਸ ਇਤਿਹਾਸਕ ਕਦਮ ਮੌਕੇ ਪਹੁੰਚੇ ਇਥੇ ਇਹ ਵੀ ਜਿਕਰਯੋਗ ਹੈ ਕਿ ਪੰਥ ਨਾਲ ਧ੍ਰੋਹ ਕਮਾਓਣ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਤਨਖਾਹੀਆ ਕਰਾਰ ਦਿੱਤੇ ਅਕਾਲੀ ਦਲ ਬਾਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਬਾਦਲ ਦੀ ਟੀਮ ਵੱਲੋਂ 22 ਲੱਖ ਮੈਂਬਰ ਭਰਤੀ ਕਰਨ ਦਾ ਦਾਅਵਾ ਕੀਤਾ ਗਿਆ ਹੈ ਪਰ ਬਾਗੀ ਅਕਾਲੀ ਆਗੂਆਂ ਨੇ ਖੁਲਾਸਾ ਕੀਤਾ ਕਿ ਓਹ ਭਰਤੀ ਹੋਈ ਹੀ ਨਹੀਂ ਕੇਵਲ ਦਫਤਰ ਚ ਬੈਠਕੇ ਫਾਰਮ ਭਰੇ ਗਏ ਹਨ ਤੇ ਸ੍ਰੀ ਅਕਾਲ ਤਖਤ ਤੋਂ ਹੋਏ ਹੁਕਮਨਾਮਾ ਸਾਹਿਬ ਦੇ ਖਿਲਾਫ਼ ਚੁੱਕਿਆ ਗਿਆ ਕਦਮ ਹੈ ਤੇ ਜਿਦ ਹੈ ਕਿ ਅਕਾਲੀ ਦਲ ਦਾ ਕਰਤਾ ਧਰਤਾ ਕੇਵਲ ਇਕ ਵਿਅਕਤੀ ਹੀ ਰਹੇ ਪਰ ਸ੍ਰੀ ਅਕਾਲ ਤਖਤ ਤੋਂ ਜਾਰੀ ਹੋਏ ਹੁਕਮਨਾਮਾ ਸਾਹਿਬ ਤੋਂ ਭਗੌੜੇ ਹੋਣ ਦਾ ਐਲਾਨ ਕਿਹਾ ਜਾ ਸਕਦਾ ਹੈ ਅਤੇ ਪੰਥਕ ਭਾਵਨਾਵਾਂ ਤਹਿਤ ਹੁਕਮਨਾਮਾ ਜਾਰੀ ਕਰਨ ਵਾਲੇ ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ, ਸਿੰਘ ਸਾਹਿਬ ਜਥੇਦਾਰ ਸੁਲਤਾਨ ਸਿੰਘ ਤੇ ਸਿੰਘ ਸਾਹਿਬ ਜਥੇਦਾਰ ਹਰਪ੍ਰੀਤ ਸਿੰਘ ਖਿਲਾਫ ਮਨਘੜ੍ਹਤ ਝੂਠੇ ਦੋਸ਼ ਲਾਕੇ ਜੱਥੇਦਾਰ ਸਾਹਿਬਾਨ ਦੀ ਪਦਵੀ ਦਾ ਨਿਰਾਦਰ ਤੇ ਅਕਾਲ ਤਖਤ ਸਾਹਿਬ 'ਤੇ ਹਮਲਾ ਕਰਨ ਵਰਗੀ ਕਾਰਵਾਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਧੋਖੇ ਤੋਂ ਬਚਣ ਲਈ ਸਿਰਫ਼ ਪੀ.ਏ.ਯੂ ਵੱਲੋਂ

# ਸਿਫ਼ਾਰਿਸ਼ ਕੀਤੀਆਂ ਕਿਸਮਾਂ ਦੇ ਪ੍ਰਮਾਣਿਤ ਬੀਜਾਂ ਦੀ ਕਾਸ਼ਤ ਕਰੋ- ਸ੍ਰ. ਖੁੱਡੀਆਂ












**ਬਠਿੰਡਾ, 18 ਮਾਰਚ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਂਦਰ, ਬਠਿੰਡਾ ਵਿਖੇ ਕਿਸਾਨ ਮੇਲਾ ਲਗਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੇ ਸ਼ਿਰਕਤ ਕੀਤੀ। ਇਸ ਕਿਸਾਨ ਮੇਲੇ ਵਿੱਚ ਸ੍ਰ. ਗੁਰਮੀਤ ਸਿੰਘ ਖੁੱਡੀਆਂ, ਮਾਣਯੋਗ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂ. ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ, ਫੂਡ ਪ੍ਰੋਸੈਸਿੰਗ, ਮੰਤਰੀ ਪੰਜਾਬ ਸਰਕਾਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਕਿਸਾਨ ਮੇਲੇ ਦੀ ਪ੍ਰਧਾਨਗੀ ਡਾ. ਸਤਿਬੀਰ ਸਿੰਘ ਗੋਸਲ, ਵਾਈਸ ਚਾਂਸਲਰ, ਪੀ.ਏ.ਯੂ ਲੁਧਿਆਣਾ ਨੇ ਕੀਤੀ। ਡਾ. ਗੁਰਦੇਵ ਸਿੰਘ ਖੁਸ਼, ਅੰਤਰਰਾਸ਼ਟਰੀ ਖੇਤੀ ਵਿਗਿਆਨੀ ਅਤੇ ਸ੍ਰ. ਮੋਹਨ ਸਿੰਘ ਜਾਖੜ, ਮੈਂਬਰ ਪ੍ਰਬੰਧਕੀ ਬੋਰਡ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਸੋਢੀ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ, ਡਾ. ਤੇਜਿੰਦਰ ਸਿੰਘ ਰਿਆੜ, ਅਪਰ ਨਿਰਦੇਸ਼ਕ ਸੰਚਾਰ, ਡਾ. ਕੁਲਦੀਪ ਸਿੰਘ, ਸਹਿਯੋਗੀ ਨਿਰਦੇਸ਼ਕ, ਲੋਕ ਸੰਪਰਕ, ਪੀ.ਏ.ਯੂ ਤੋਂ ਇਲਾਵਾ ਯੂਨੀਵਰਸਿਟੀ ਦੇ ਹੋਰ ਉਚ ਅਧਿਕਾਰੀ ਵੀ ਸ਼ਾਮਲ ਸਨ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਤੀ ਦਾ ਧੰਦਾ ਪੀੜ੍ਹੀ ਦਰ ਪੀੜ੍ਹੀ ਚੱਲਦਾ ਆ ਰਿਹਾ ਹੈ ਅਤੇ ਸਾਡਾ ਕਿਸਾਨ ਦਿਨ ਰਾਤ ਇੱਕ ਕਰਕੇ ਦੁਨੀਆਂ ਭਰ ਨੂੰ ਰੋਜ਼ੀ ਰੋਟੀ ਮੁਹਈਆ ਕਰ ਰਿਹਾ ਹੈ ਪਰ ਐਨੀ ਮਿਹਨਤ, ਮੁਸ਼ੱਕਤ ਦੇ ਬਾਵਜੂਦ ਉਸ ਨੂੰ ਆਰਥਿਕ ਸੰਕਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪੀ.ਏ.ਯੂ ਦੇ ਖੇਤੀ ਵਿਗਿਆਨੀਆਂ ਵੱਲੋਂ ਖੇਤੀ ਨੂੰ ਲਾਹੇਵੰਦ ਧੰਦਾ ਬਨਾਉਣ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਸਿਫ਼ਾਰਿਸ਼ਾਂ ਮੁਤਾਬਿਕ ਖੇਤੀ ਕਰਨ ਦੀ ਸਲਾਹ ਦਿੱਤੀ। ਗਿਆਨ ਵਿਗਿਆਨ ਨਾਲ ਖੇਤੀ ਦੇ ਧੰਦੇ ਨੂੰ ਸਿਖਰਾਂ 'ਤੇ ਪਹੁੰਚਾਉਣ ਲਈ ਖੇਤੀ ਸਿਖਿਆ ਹਾਸਲ ਕਰਨ ਦੀ ਤਾਕੀਦ ਕਰਦਿਆਂ ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਪੜ੍ਹ ਲਿਖ ਕੇ ਨੌਕਰੀ ਲੱਭਣ ਦੀ ਥਾਂ ਰੁਜ਼ਗਾਰ ਮੁਹਈਆ ਕਰਨ ਵਾਲੇ ਬਣਨ ਲਈ ਕਿਹਾ।ਖੇਤੀ ਦੇ ਨਾਲ-ਨਾਲ ਪਸ਼ੂ ਪਾਲਣ ਦੇ ਧੰਦੇ ਨੂੰ ਉਤਸ਼ਾਹਿਤ ਕਰਦਿਆਂ ਸ੍ਰ. ਖੁੱਡੀਆਂ ਨੇ ਕਿਹਾ ਕਿ ਆਮਦਨ ਵਿੱਚ ਇਜ਼ਾਫਾ ਕਰਨ ਅਤੇ ਘਰੇਲੂ ਲੋੜਾਂ ਦੀ ਪੂਰਤੀ ਲਈ ਸਾਨੂੰ ਘਰਾਂ ਵਿੱਚ ਪਸ਼ੂ ਪਾਲਣ ਦੀ ਰਿਵਾਇਤ ਨੂੰ ਜਾਰੀ ਰੱਖਣ ਦੀ ਲੋੜ ਹੈ। ਨਕਲੀ ਖਾਦਾਂ, ਬੀਜਾਂ ਅਤੇ ਰਸਾਇਣਾਂ ਨੂੰ ਖਰੀਦਣ ਤੋਂ ਗੁਰੇਜ਼ ਕਰਦਿਆਂ ਉਨ੍ਹਾਂ ਧੋਖੇ ਤੋਂ ਬਚਣ ਲਈ ਸਿਰਫ਼ ਪੀ.ਏ.ਯੂ. ਵੱਲੋਂ ਸਿਫ਼ਾਰਿਸ਼ ਕੀਤੀਆਂ ਕਿਸਮਾਂ ਦੇ ਪ੍ਰਮਾਣਿਤ ਬੀਜਾਂ ਦੀ ਕਾਸ਼ਤ ਕਰਨ ਲਈ ਕਿਹਾ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਬਠਿੰਡੇ ਦਾ ਇਹ ਜਰਖੇਜ਼ ਇਲਾਕਾ ਕਪਾਹ ਲਈ ਬਹੁਤ ਢੁੱਕਵਾਂ ਹੈ ਜਿਥੇ ਸਾਡੇ ਯੂਨੀਵਰਸਿਟੀ ਦੇ ਖੋਜ ਸਟੇਸ਼ਨ ਨੇ ਕਪਾਹ ਦੀਆਂ ਕਈ ਨਵੀਆਂ ਕਿਸਮਾਂ ਕੱਢੀਆਂ ਹਨ। ਦੇਸੀ ਕਪਾਹ ਦੀਆਂ ਦੋ ਨਵੀਆਂ ਕਿਸਮਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹਨਾਂ ਦੇ ਬੀਜ ਪੈਦਾ ਕਰਨ ਦਾ ਕਾਰਜ ਜਾਰੀ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਕਿਸਮਾਂ ਦਾ ਝਾੜ ਵਧੀਆ ਹੈ, ਕੀੜੇ-ਮਕੌੜੇ ਘੱਟ ਲੱਗਦੇ ਹਨ ਅਤੇ ਇਨ੍ਹਾਂ ਦਾ ਬੀਜ ਕਿਸਾਨ ਆਪ ਵੀ ਪੈਦਾ ਕਰ ਸਕਦੇ ਹਨ। ਕਿਸਾਨ ਮੇਲੇ ਦੇ ਉਦੇਸ਼, ਨਵੀਆਂ ਖੇਤੀ ਤਕਨੀਕਾਂ ਅਪਣਾਓ, ਖਰਚ ਘਟਾਓ ਝਾੜ ਵਧਾਓ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਖੇਤੀ ਲਾਗਤਾਂ ਘਟਾਉਣ ਅਤੇ ਆਮਦਨ ਵਿੱਚ ਵਾਧਾ ਕਰਨ ਦੀ ਲੋੜ ਹੈ ਪਰ ਉਹ ਤਾਂ ਹੀ ਸੰਭਵ ਹੈ ਜੇਕਰ ਅਸੀ ਯੂਨੀਵਰਸਿਟੀ ਵੱਲੋਂ ਸਿਫ਼ਾਰਿਸ਼ ਕੀਤੀਆਂ ਜਾਂਦੀਆਂ ਨਵੀਆਂ ਖੇਤੀ ਤਕਨੀਕਾਂ ਨੂੰ ਅਪਣਾਵਾਂਗੇ ਅਤੇ ਯੂਨੀਵਰਸਿਟੀ ਦੀਆਂ ਸਿਫ਼ਾਰਿਸ਼ਾਂ ਮੁਤਾਬਿਕ ਵਿਗਿਆਨਕ ਲੀਹਾਂ ਤੇ ਖੇਤੀ ਕਰਾਂਗੇ। ਉਨ੍ਹਾਂ ਨੇ ਘਰੇਲੂ ਲੋੜਾਂ ਦੀ ਪੂਰਤੀ ਲਈ ਯੂਨੀਵਰਸਿਟੀ ਵੱਲੋਂ ਤਿਆਰ ਕੀਤੀਆਂ ਸਬਜ਼ੀਆਂ, ਸਾਉਣੀ ਦੇ ਚਾਰਿਆਂ ਦੇ ਬੀਜਾਂ, ਤੇਲ ਬੀਜਾਂ ਅਤੇ ਅਤੇ ਮੋਟੇ ਅਨਾਜ਼ਾਂ ਦੀਆਂ ਕਿੱਟਾਂ ਖਰੀਦਣ ਲਈ ਕਿਹਾ। ਖੇਤ ਦੀ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਣ ਲਈ ਜੈਵਿਕ ਖਾਦਾਂ ਬੀਜਣ ਦੀ ਸਿਫ਼ਾਰਿਸ਼ ਕਰਦਿਆਂ ਅਤੇ ਪਰਾਲੀ ਦੀ ਉਚਿਤ ਸਾਂਭ-ਸੰਭਾਲ ਬਾਰੇ ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਕੰਬਾਇਨ ਦੇ ਅੱਗੇ ਡਰਿੱਲ ਅਤੇ ਪਿੱਛੇ ਐਸ.ਐਮ.ਐਸ ਲਗਾ ਕੇ ਨਵੀਂ ਮਸ਼ੀਨਰੀ ਵਿਕਸਤ ਕੀਤੀ ਗਈ ਹੈ, ਜਿਸ ਨਾਲ ਝੋਨੇ ਦੀ ਪਰਾਲੀ ਦਾ ਕੁਤਰਾ ਕਰਨ ਅਤੇ ਕਣਕ ਦੀ ਬਿਜਾਈ ਨਾਲੋ ਨਾਲ ਕਰਨ ਵਿੱਚ ਮੱਦਦ ਮਿਲਦੀ ਹੈ।ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਕੀਤੀਆਂ ਜਾਂਦੀਆਂ ਹਾੜ੍ਹੀ ਅਤੇ ਸਾਉਣੀ ਦੀਆਂ ਫ਼ਸਲਾਂ ਦੀਆਂ ਸਿਫਾਰਿਸ਼ਾਂ, ਪੁਸਤਕਾਂ ਖਰੀਦਣ ਦੀ ਤਾਕੀਦ ਕਰਦਿਆਂ ਉਨ੍ਹਾਂ ਨੇ ਪੀ.ਏ.ਯੂ. ਵੱਲੋਂ ਸ਼ੋਸਲ ਮੀਡੀਆ ਤੇ ਚਲਾਏ ਜਾਂਦੇ ਫੇਸਬੁੱਕ ਲਾਈਵ ਪ੍ਰੋਗਰਾਮ, ਯੂ ?ਟਿਊਬ ਚੈਨਲਾਂ ਅਤੇ ਖੇਤੀ ਸੰਦੇਸ਼ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਝੋਨੇ ਦੇ ਬਾਦਸ਼ਾਹ ਅਤੇ ਨੋਬਲ ਪੁਰਸਕਾਰ ਵਿਜੇਤਾ ਡਾ. ਗੁਰਦੇਵ ਸਿੰਘ ਖੁਸ਼ ਨੇ ਕਿਸਾਨਾਂ ਦੇ ਭਰਵੇਂ ਇਕੱਠ ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਕਿਸਾਨਾਂ ਅਤੇ ਖੇਤੀ ਵਿਗਿਆਨੀਆਂ ਦੀ ਮਿਹਨਤ ਸ਼ਦਕਾ ਹੀ ਹਰੀ ਕ੍ਰਾਂਤੀ ਸੰਭਵ ਹੋ ਸਕੀ। ਉਨ੍ਹਾਂ ਕਿਹਾ ਕਿ ਇਥੇ ਕਣਕ ਝੋਨੇ ਦੀ ਬੰਪਰ ਫ਼ਸਲ ਹੁੰਦੀ ਹੈ ਪਰ ਹੁਣ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਲਈ ਸਾਨੂੰ ਖੇਤੀ ਵੰਨ-ਸੁਵੰਨਤਾ ਵੱਲ ਤੁਰਨਾ ਪਵੇਗਾ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਆਮਦਨ ਦੁਗਣੀ ਕਰਨ ਦਾ ਜੋ ਸਰਕਾਰ ਦਾ ਟੀਚਾ ਹੈ ਉਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਅਸੀਂ ਸਬਜ਼ੀਆਂ ਅਤੇ ਫ਼ਲਾਂ ਦੀ ਕਾਸ਼ਤ ਨੂੰ ਵਧਾਵਾਂਗੇ। ਜਲ ਸੋਮਿਆਂ ਦੀ ਸਾਂਭ-ਸੰਭਾਲ ਲਈ ਉਨ੍ਹਾਂ ਨੇ ਤੁਪਕਾ ਸੰਚਾਈ ਕਰਨ ਲਈ ਕਿਹਾ ਕਿਉਕਿ ਇਸ ਨਾਲ 70 ਪ੍ਰਤੀਸ਼ਤ ਪਾਣੀ ਦੀ ਬੱਚਤ ਹੁੰਦੀ ਹੈ। ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀਆਂ ਫ਼ਸਲਾਂ ਦੀਆਂ ਨਵੀਆਂ ਕਿਸਮਾਂ, ਉਤਪਾਦਨ ਅਤੇ ਸੁਰੱਖਿਅਤ ਤਕਨੀਕਾਂ ਬਾਰੇ ਜਾਣਕਾਰੀ ਦਿੰਦਿਆਂ ਡਾ. ਗੁਰਜੀਤ ਸਿੰਘ ਮਾਂਗਟ, ਵਧੀਕ ਨਿਰਦੇਸ਼ਕ ਖੋਜ, ਪੀ.ਏ.ਯੂ ਨੇ ਦੱਸਿਆ ਕਿ ਖੇਤੀ ਵਿਗਿਆਨੀਆਂ ਵੱਲੋਂ ਹੁਣ ਤੱਕ 950 ਤੋਂ ਵੱਧ ਕਿਸਮਾਂ ਵਿਕਸਤ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿਚੋਂ 250 ਤੋਂ ਵੱਧ ਕਿਸਮਾਂ ਦੀ ਪਛਾਣ ਰਾਸ਼ਟਰੀ ਪੱਧਰ ਤੇ ਕਾਸ਼ਤ ਲਈ ਹੋ ਚੁੱਕੀ ਹੈ। ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀਆਂ 48 ਸਿਫ਼ਾਰਿਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਚੋਂ 18 ਕਿਸਮਾਂ ਵੱਖ-ਵੱਖ ਫ਼ਸਲਾਂ, 6 ਕਿਸਮਾਂ ਸਬਜ਼ੀਆਂ ਦੀਆਂ ਅਤੇ 3 ਕਿਸਮਾਂ ਫੁੱਲਾਂ ਦੀਆਂ ਵੀ ਹਨ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀ ਪਰਮਲ ਝੋਨੇ ਦੀ ਦਰਮਿਆਨੇ ਸਮੇਂ ਵਿੱਚ ਪੱਕਣ ਵਾਲੀ ਕਿਸਮ ਪੀ.ਆਰ 132, ਮੱਕੀ ਦੀ ਨਵੀਂ ਕਿਸਮ ਪੀ.ਐਮ.ਐਚ 17, ਪੁਦੀਨੇ ਦੀ ਕਿਸਮ, ਮੋਟੇ ਅਨਾਜ਼ ਦੀ ਕਿਸਮ ਪੰਜਾਬ ਕੰਗਨੀ-1, ਆਲੂ ਦੀਆਂ ਦੋ ਕਿਸਮਾਂ ਪੰਜਾਬ ਪੋਟੈਟੋ 103 ਅਤੇ ਪੰਜਾਬ ਪੋਟੈਟੋ 104, ਗੋਭੀ ਅਤੇ ਸੰਤਰੀ ਗਾਜਰ ਦੀ ਨਵੀਂ ਕਿਸਮ ਤੋਂ ਇਲਾਵਾ ਫਰਾਂਸਬੀਨ ਦੀਆਂ ਨਵੀਆਂ ਕਿਸਮਾਂ ਫਰਾਂਸਬੀਨ-1 ਅਤੇ ਫਰਾਂਸਬੀਨ-2 ਅਤੇ ਰਸਭਰੀ ਦੀਆਂ ਨਵੀਆਂ ਕਿਸਮਾਂ ਪੰਜਾਬ ਰਸਭਰੀ-1 ਅਤੇ ਪੰਜਾਬ ਰਸਭਰੀ-2, ਗਰੇਪ ਫਰੂਟ ਅਤੇ ਗੁਲਦਾਉਦੀ ਦੀਆਂ ਕਿਸਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਕਿਸਾਨ ਮੇਲੇ ਵਿੱਚ ਸਿਰਕਤ ਕਰ ਰਹੇ ਪਤਵੰਤਿਆਂ, ਕਿਸਾਨਾਂ ਅਤੇ ਖੇਤੀ ਵਿਗਿਆਨੀਆਂ ਨੂੰ ਨਿੱਘਾ ਜੀ ਆਇਆਂ ਕਹਿੰਦਿਆਂ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਪਸਾਰ ਸਿੱਖਿਆ, ਪੀ.ਏ.ਯੂ ਨੇ 1967 ਤੋਂ ਯੂਨੀਵਰਸਿਟੀ ਵੱਲੋਂ ਲਗਾਤਾਰ ਲਗਾਏ ਜਾ ਰਹੇ ਹਾੜ੍ਹੀ ਅਤੇ ਸਾਉਣੀ ਦੇ ਕਿਸਾਨ ਮੇਲਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਪੀ.ਏ.ਯੂ ਕੈਂਪਸ ਵਿਖੇ 21-22 ਮਾਰਚ, 2025 ਨੂੰ ਲੱਗਣ ਵਾਲੇ ਦੋ ਰੋਜ਼ਾ ਕਿਸਾਨ ਮੇਲੇ ਵਿੱਚ ਵੱਧ ਚੜ੍ਹ ਕੇ ਸ਼ਿਰਕਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਖੇਤੀ ਸਬੰਧੀ ਅਤਿ-ਆਧੁਨਿਕ ਜਾਣਕਾਰੀ ਹਾਸਲ ਕਰਨ ਲਈ ਅਤੇ ਖੇਤੀ ਵਿਗਿਆਨੀਆਂ ਨਾਲ ਰਾਬਤਾ ਕਾਇਮ ਰੱਖਣ ਲਈ ਇਹ ਕਿਸਾਨ ਮੇਲੇ ਬਹੁਤ ਸਹਾਈ ਹੁੰਦੇ ਹਨ, ਜਿਨ੍ਹਾਂ ਵਿੱਚ ਸਾਨੂੰ ਕਿਸਾਨਾਂ ਤੋਂ ਜੋ ਫੀਡ ਬੈਕ ਮਿਲਦਾ ਹੈ ਉਸ ਮੁਤਾਬਿਕ ਖੇਤੀ ਨੂੰ ਨਵੇ ਦਿਸ਼ਾ-ਨਿਰਦੇਸ਼ ਦੇਣ ਵਿੱਚ ਸਹਾਇਤਾ ਮਿਲਦੀ ਹੈ। ਉਨ੍ਹਾਂ ਨੇ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਵੱਲੋਂ ਲਗਾਈਆਂ ਖੇਤ ਪ੍ਰਦਰਸ਼ਨੀਆਂ ਅਤੇ ਨੁਮਾਇਸ਼ਾਂ ਦਾ ਦੌਰਾ ਕਰਨ ਦੀ ਅਪੀਲ ਕੀਤੀ ਤਾਂ ਜੋ ਕਿਸਾਨਾਂ ਦੀ ਖੇਤੀ ਸਬੰਧੀ ਵਿਗਿਆਨਕ ਜਾਣਕਾਰੀ ਵਿੱਚ ਵਾਧਾ ਹੋ ਸਕੇ। ਸਹਾਇਕ ਧੰਦਿਆਂ ਵਿੱਚੋਂ ਹਰ ਰੋਜ਼ ਆਮਦਨ ਹਾਸਲ ਕਰਨ ਲਈ ਡਾ. ਭੁੱਲਰ ਨੇ ਖੇਤੀ ਦੇ ਨਾਲ-ਨਾਲ ਮਧੂ ਮੱਖੀ ਪਾਲਣ, ਖੁੰਬਾਂ ਦੀ ਕਾਸ਼ਤ ਕਰਨ, ਮੁਰਗੀ ਪਾਲਣ ਵਰਗੇ ਸਹਾਇਕ ਧੰਦੇ ਅਪਨਾਉਣ ਦੀ ਅਪੀਲ ਕੀਤੀ ਅਤੇ ਇਸ ਸਬੰਧੀ ਯੂਨੀਵਰਸਿਟੀ ਦੇ ਖੇਤਰੀ ਖੋਜ ਕੇਦਾਂਰਾਂ ਵੱਲੋਂ ਲਗਾਈਆਂ ਜਾਂਦੀਆਂ ਮੁਫ਼ਤ ਸਿਖਲਾਈਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕੇਦਾਂਰ ਵੱਲੋਂ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ ਜਥੇਦਾਰ ਗੁਰਦਿੱਤਾ ਸਿੰਘ ਮਾਹਲ ਯਾਦਗਾਰੀ ਪੁਰਸਕਾਰ, ਸ੍ਰ. ਗੁਰਪ੍ਰੀਤ ਸਿੰਘ ਸਪੁੱਤਰ ਸ੍ਰ. ਜੈ ਸਿੰਘ ਵਾਸੀ ਪਿੰਡ ਤੁੜ, ਜਿਲ੍ਹਾ ਤਰਨਤਾਰਨ ਨੂੰ ਪ੍ਰਦਾਨ ਕੀਤਾ ਗਿਆ।

ਇਸ ਮੌਕੇ ਡਾ. ਤੇਜਿੰਦਰ ਸਿੰਘ ਰਿਆੜ, ਅਪਰ ਨਿਰਦੇਸ਼ਕ ਸੰਚਾਰ ਨੇ ਯੂਨੀਵਰਸਿਟੀ ਵਲੋਂ ਪ੍ਰਕਾਸ਼ਿਤ ਕੀਤੀਆਂ ਗਈਆਂ ਪੁਸਤਕਾਂ ਪਤਵੰਤਿਆਂ ਤੋਂ ਰਲੀਜ਼ ਕਰਵਾਈਆਂ। ਮੰਚ ਸੰਚਾਲਣ ਕਰਦਿਆਂ ਡਾ. ਗੁਰਜਿੰਦਰ ਸਿੰਘ ਰੋਮਾਣਾ, ਪ੍ਰਮੁੱਖ ਵਿਗਿਆਨੀ ਨੇ ਕਿਸਾਨਾਂ ਨੂੰ ਯੂਨੀਵਰਸਿਟੀ ਦੇ ਸੋਸ਼ਲ ਮੀਡੀਆ ਨਾਲ ਵੱਧ ਤੋਂ ਵੱਧ ਜੁੜਨ ਲਈ ਫੋਨ ਨੰਬਰ 82880-57707 ਤੇ ਮਿਸਡ ਕਾਲ ਦੇਣ ਲਈ ਕਿਹਾ ਤਾਂ ਜੋ ਉਨ੍ਹਾਂ ਤੱਕ ਯੂਨੀਵਰਸਿਟੀ ਵੱਲੋਂ ਕੀਤੀ ਜਾਂਦੀ ਖੋਜ ਸਬੰਧੀ ਅਤਿ-ਆਧੁਨਿਕ ਜਾਣਕਾਰੀ ਮੋਬਾਇਲ ਫੋਨ ਰਾਹੀਂ ਉਨ੍ਹਾਂ ਤੱਕ ਪਹੁੰਚ ਸਕੇ। ਧੰਨਵਾਦ ਦੇ ਸ਼ਬਦ ਕਹਿੰਦਿਆਂ ਖੇਤਰੀ ਖੋਜ ਕੇਂਦਰ, ਬਠਿੰਡਾ ਦੇ ਨਿਰਦੇਸ਼ਕ ਡਾ. ਕਰਮਜੀਤ ਸਿੰਘ ਸੇਖੋਂ ਨੇ ਕਿਸਾਨਾਂ ਨੂੰ ਆਪਣੇ ਬੱਚਿਆਂ ਨੂੰ ਇੰਸਟੀਚਿਊਟ ਆਫ ਐਗਰੀਕਲਚਰ ਬਠਿੰਡਾ ਤੋਂ ਖੇਤੀ ਸਿੱਖਿਆ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਗਿਆਨ ਵਿਗਿਆਨ ਨਾਲ ਖੇਤੀ ਦੇ ਧੰਦੇ ਨੂੰ ਹੋਰ ਸਿਖਰਾਂ 'ਤੇ ਪਹੁੰਚਾਇਆ ਜਾ ਸਕੇ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਠੂਰ ਦੇ ਕਬੱਡੀ ਟੂਰਨਮੈਂਟ 'ਚ

# ਨੰਦਪੁਰ ਸਾਹਨੇਵਾਲ ਦੀ ਟੀਮ ਫਾਸਟ ਅਤੇ ਹਠੂਰ ਦੀ ਟੀਮ ਸੈਕਿੰਡ ਰਹੀ







ਹਠੂਰ/ ਜਗਰਾਉਂ –(ਵਰਿਆਮ ਹਠੂਰ) ਮਰਹੂਮ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅੰਬੀ ਹਠੂਰ ਯਾਦਗਾਰੀ ਸਟੇਡੀਅਮ ਦੀਆਂ ਗਰਾਊਡਾਂ ਵਿੱਚ ਸਮੂਹ ਗ੍ਰਾਮ ਪੰਚਾਇਤ ਨਗਰ ਨਿਵਾਸੀਆਂ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਕਰਵਾਏ ਗਏ ਸ਼ਾਨਦਾਰ ਕਬੱਡੀ ਟੂਰਨਾਮੈਂਟ ਵਿੱਚ ਪੰਜਾਬ ਦੀਆਂ ਵੱਖ ਵੱਖ ਥਾਵਾਂ ਤੋਂ ਕਬੱਡੀ ਦੀਆਂ ਟੀਮਾਂ ਨੇ ਹਿੱਸਾ ਲਿਆ ਤੇ ਮਾਂ ਖੇਡ ਕਬੱਡੀ ਦੇ ਦਿਲ ਖਿੱਚਵੇਂ ਜੌਹਰ ਵਿਖਾਏ, ਖੇਡ ਮੇਲੇ ਦੀ ਰੌਣਕ ਨੂੰ ਵਧਾਉਣ ਲਈ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ, ਜਗਜੀਤ ਸਿੰਘ ਯੂ ਐੱਸ ਏ, ਪਰਮਲ ਸਿੰਘ ਕੈਨੇਡਾ, ਇੰਦਰਪਾਲ ਸਿੰਘ ਕੈਨੇਡਾ, ਮਾਸਟਰ ਨਛੱਤਰ ਸਿੰਘ ਹਠੂਰ ਕੈਨੇਡਾ, ਸੁਖਦੀਪ ਸਿੰਘ ਕੈਨੇਡਾ, ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ ਹਠੂਰ, ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸਮੇਤ ਵੱਖ ਵੱਖ ਸਤਿਕਾਰਯੋਗ ਸ਼ਖ਼ਸੀਅਤਾਂ ਪੁੱਜੀਆਂ ਜਿੰਨ੍ਹਾਂ ਦਾ ਟੂਰਨਾਮੈਂਟ ਕਮੇਟੀ ਅਤੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਜੀ ਆਇਆਂ ਆਖਿਆ, ਕਬੱਡੀ ਦੇ ਸ਼ਾਨਦਾਰ ਮੈਚਾਂ ਨੂੰ ਖੇਡ ਕੇ ਫਾਇਨਲ ਵਿੱਚ ਪੁੱਜੀਆਂ ਨੰਦਪੁਰ ਸਾਹਨੇਵਾਲ ਦੀ ਟੀਮ ਅਤੇ ਕਸਬਾ ਹਠੂਰ ਦੀ ਟੀਮ ਵਿਚਕਾਰ ਦਿਲ ਖਿਚਵਾਂ ਮੁਕਾਬਲਾ ਹੋਇਆ, ਤੇ ਅੰਤ ਵਿੱਚ ਨੰਦਪੁਰ ਸਾਹਨੇਵਾਲ ਦੀ ਟੀਮ ਫਾਸਟ ਅਤੇ ਹਠੂਰ ਦੀ ਟੀਮ ਸੈਕਿੰਡ ਰਹੀ, ਜਿੰਨ੍ਹਾਂ ਨੂੰ ਪ੍ਰਬੰਧਕਾਂ ਨੇ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ ਵਾਲੇ ਦੇ ਬੇਟੇ ਕਬੱਡੀ ਖਿਡਾਰੀ ਅਮਨਾ ਹਠੂਰ ਨੂੰ 11000 ਰੁਪਏ ਅਤੇ ਕੱਪ ਨਾਲ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਗੋਰਾ ਡੱਲਾ ਨੂੰ ਵਿਸ਼ੇਸ਼ ਤੌਰ ਤੇ ਮੌਡਰਨ ਰੇਂਜਰ ਨਿਊ ਸਾਇਕਲ ਨਾਲ ਸਨਮਾਨਿਤ ਕੀਤਾ ਗਿਆ, ਕਬੱਡੀ ਕੋਚ ਭਗਵੰਤ ਸਿੰਘ ਭੰਤਾ ਹਠੂਰ ਵਾਲੇ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਵਿਸ਼ੇਸ਼ ਤੌਰ ਤੇ ਸਨਮਾਨਿਤ ਹੋਏ ਖਿਡਾਰੀਆਂ ਨੂੰ ਐੱਨ ਆਰ ਆਈ ਵੀਰਾਂ ਸਮੇਤ ਕਾਂਗਰਸ ਦੇ ਸੀਨੀਅਰ ਆਗੂ ਜਗਤਾਰ ਸਿੰਘ ਜੱਗਾ ਹਿੱਸੋਵਾਲ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਅਤੇ ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ ਨੇ ਮੁਬਾਰਕਾਂ ਦਿੱਤੀਆਂ, ਗੱਲਬਾਤ ਕਰਦਿਆਂ ਕਾਂਗਰਸ ਦੇ ਸੀਨੀਅਰ ਆਗੂ ਜਗਤਾਰ ਸਿੰਘ ਜੱਗਾ ਹਿੱਸੋਵਾਲ ਨੇ ਕਿਹਾ ਕਿ ਨੌਜਵਾਨ ਦਾ ਖੇਡਾਂ ਨਾਲ ਜੁੜਨਾ ਸਮੇਂ ਦੀ ਮੁੱਖ ਲੋੜ ਹੈ। ਖੇਡਾਂ ਖੇਡਣ ਨਾਲ ਜਿੱਥੇ ਖਿਡਾਰੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੁੰਦਾ ਹੈ ਉੱਥੇ ਖਿਡਾਰੀ ਖੇਡਾਂ ਵਿੱਚ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਦੇ ਹਨ। ਇਸ ਮੌਕੇ ਪਰਮਲ ਸਿੰਘ ਕੈਨੇਡਾ, ਜਗਜੀਤ ਸਿੰਘ ਯੂ ਐੱਸ ਏ, ਇੰਦਰਪਾਲ ਸਿੰਘ ਕੈਨੇਡਾ, ਅਮਰਜੀਤ ਸਿੰਘ ਬੈਲਜੀਅਮ, ਜੱਸਾ ਬੈਲਜੀਅਮ, ਮਾਸਟਰ ਨਛੱਤਰ ਸਿੰਘ ਕੈਨੇਡਾ (ਹਠੂਰ ਵਾਲੇ), ਪ੍ਰਧਾਨ ਲਾਡੀ ਹਠੂਰ, ਕਮਲਜੀਤ ਸਿੰਘ ਧਾਲੀਵਾਲ, ਪ੍ਰਿਤਪਾਲ ਸਿੰਘ ਮੁਲਾਂਪੁਰ (ਹਠੂਰ ਵਾਲੇ), ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ, ਆਈਡੀਅਲ ਕੌਨਵੈਂਟ ਸਕੂਲ ਹਠੂਰ ਦੇ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਹਠੂਰ, ਕਬੱਡੀ ਖਿਡਾਰੀ ਕਾਲਾ ਹਠੂਰ, ਕਮੈਂਟਰ ਕਮਲ ਹਠੂਰ, ਸਮੇਤ ਅਨੇਕਾਂ ਖਿਡਾਰੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

## ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਲਈ ਖੇਡਾਂ ਨਾਲ ਜੁੜਨਾ ਸਮੇਂ ਦੀ ਮੁੱਖ ਲੋੜ : ਜੱਗਾ ਹਿੱਸੋਵਾਲ

ਆਵਾਜ਼ਿ ਕੌਮ AWAZE QAUM International Newspaper & WEB TV

# ਮਾਣ ਧੀਆਂ 'ਤੇ ਸੰਸਥਾ ਵੱਲੋਂ ਸਮਾਜ ਸੇਵਿਕਾ ਸੀਮਾ ਵਰਮਾਨੀ ਸਨਮਾਨਿਤ



**ਚੌਕ ਮਹਿਤਾ, 18 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ,ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਭਰੂਣ ਹੱਤਿਆ ਖ਼ਿਲਾਫ਼ ਹਾਅ ਦਾ ਨਾਅਰਾ ਮਾਰਨ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਵੱਲੋਂ ਸਮਾਜ ਸੇਵਾ ਦੇ ਖ਼ੇਤਰ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਵਾਲੀ ਮਹਿਲਾ ਸ਼੍ਰੀਮਤੀ ਸੀਮਾ ਵਰਮਾਨੀ (ਸਮਾਜ ਸੇਵਿਕਾ) ਧਰਮਪਤਨੀ ਪ੍ਰਸਿੱਧ ਐਡਵੋਕੇਟ ਸ਼੍ਰੀ ਅਜੈ ਕੁਮਾਰ ਵਰਮਾਨੀ ਕੀਤਾ ਗਿਆ 9 ਇਸ ਮੌਕੇ ਸ਼੍ਰੀਮਤੀ ਸੀਮਾ ਵਰਮਾਨੀ ਨੇ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਅਤੇ ਉਹਨਾਂ ਦੀ ਸਾਰੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕੇ ਇਸ ਸੰਸਥਾ ਨਾਲ ਵਰਮਾਨੀ ਪਰਿਵਾਰ ਦੀ ਪਿੱਛਲੇ 20 ਸਾਲ ਤੋਂ ਪਰਿਵਾਰਕ ਸਾਂਝ ਹੈ ਇਸ ਸੰਸਥਾ ਦੇ ਪ੍ਰਧਾਨ ਮੱਟੂ ਜੀ ਉਹਨਾਂ ਦੀ ਟੀਮ ਦੇ ਮੇਂਬਰ ਮੁੱਖ ਸਰਪ੍ਰਸਤ ਸ਼੍ਰੀ ਰਾਜੇਸ਼ ਸ਼ਰਮਾ (ਪੀਸੀਐਸ), ਚੇਅਰਮੈਨ ਸ਼੍ਰੀ ਹਰਦੇਸ਼ ਸ਼ਰਮਾ,ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ, ਸੀਨੀ ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ ਅਤੇ ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ ਇਸ ਸੰਸਥਾ ਨੂੰ ਬਹੁਤ ਹੀ ਸੁੱਚਜੇ ਢੰਗ ਨਾਲ ਚਲਾ ਰਹੇ ਹਨ 9 ਇਸ ਮੌਕੇ ਐਡਵੋਕੇਟ ਅਜੈ ਕੁਮਾਰ ਵਰਮਾਨੀ, ਕਾਜਲ, ਸਵੇਤਾ ਅਤੇ ਦਮਨਪ੍ਰੀਤ ਕੌਰ ਮੌਜੂਦ ਸੀ

ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਸਫਾਈ ਅਭਿਆਨ ਸਿਖਰਾਂ 'ਤੇ



ਤਲਵੰਡੀ ਸਾਬੋ, 18 ਮਾਰਚ (ਗੁਰਜੰਟ ਸਿੰਘ ਨਥੇਹਾ)– ਪੰਜਾਬ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਪੰਜਾਬ ਸਰਕਾਰ। ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਦੀ ਯੋਗ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਪਿਛਲੇ ਦੋ ਦਿਨਾਂ ਤੋਂ ਸਫਾਈ ਅਭਿਆਨ ਜਾਰੀ ਹੈ। ਸਿਵਲ ਹਸਪਤਾਲ ਵਿੱਚ ਇਲਾਜ ਲਈ ਆਉਂਦੇ ਮਰੀਜਾਂ ਦੀ ਬਿਹਤਰ ਸਹੂਲਤ ਲਈ ਸਾਫ ਸਫਾਈ ਵੱਲ ਮੁਖ ਤਵੱਜੋ ਦਿੱਤੀ ਜਾ ਰਹੀ ਹੈ। ਇਸ ਮਕਸਦ ਨਾਲ ਸਾਰੇ ਹਸਪਤਾਲ ਦੀ ਰੋਜਾਨਾ ਕੀਤੀ ਜਾਣ ਵਾਲੀ ਸਫਾਈ ਦੇ ਨਾਲ ਨਾਲ ਹਸਪਤਾਲ ਦੇ ਸਾਰੇ ਵਿੰਗ ਦੀ ਬਰੀਕੀ ਨਾਲ ਸਫਾਈ ਕੀਤੀ ਗਈ। ਵਾਰਡ, ਟਾਈਲਾਂ, ਬਾਥਰੂਮਾਂ ਅਤੇ ਫਰਸ਼ ਧੋ ਕੇ ਸਾਫ ਕੀਤੇ ਗਏ। ਇਸ ਮੌਕੇ ਹਸਪਤਾਲ ਦੇ ਬਾਹਰ ਵੀ ਸਫਾਈ ਕੀਤੀ ਗਈ ਤਾਂ ਜੋ ਮਰੀਜ਼ਾਂ ਨੂੰ ਹਸਪਤਾਲ ਵਿੱਚ ਉੱਚ ਪੱਧਰੀ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ। ਡਾ. ਰਵੀ ਕਾਂਤ ਐਸ.ਐਮ.ਓ ਤਲਵੰਡੀ ਸਾਬੋ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਸਪਤਾਲ ਦੀ ਸਾਫ ਸਫਾਈ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਨਹੀਂ ਹੋਵੇਗੀ। ਹਸਪਤਾਲ ਦੀ ਸਫਾਈ ਵਿੱਚ ਸਫਾਈ ਸੇਵਕਾਂ ਸਮੇਤ ਹਰ ਕਰਮਚਾਰੀ ਅਤੇ ਅਧਿਕਾਰੀ ਨਿੱਜੀ ਪੱਧਰ 'ਤੇ ਆਪਣਾ ਯੋਗਦਾਨ ਯਕੀਨੀ ਬਣਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸਿਹਤ ਵਿਭਾਗ ਵੱਲੋਂ

# ਕੁਸ਼ਟ ਰੋਗ ਦੇ ਖਾਤਮੇ ਲਈ ਚਲਾਈ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ





**ਚੌਕ ਮਹਿਤਾ, 18 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਵੱਲੋਂ ਕੁਸ਼ਟ ਜਾਗਰੂਕਤਾ ਮੁਹਿੰਮ ਦੌਰਾਨ ਵੱਖ ਵੱਖ ਨਰਸਿੰਗ ਕਾਲਜਾਂ ਵਿੱਚ ਜਾਦੂਗਰ ਸ਼ੋ ਕਰਵਾ ਕੇ ਕੁਸ਼ਟ ਰੋਗ ਪ੍ਰਤੀ ਜਾਗਰੂਕਤਾਂ ਦਾ ਸੁਨੇਹਾ ਦਿੱਤਾ ਗਿਆ। ਇਹਨਾਂ ਕਾਲਜਾਂ ਵਿੱਚ ਮਦਨ ਲਾਲ ਢੀਂਗਰਾ ਸਰਕਾਰੀ ਨਰਸਿੰਗ ਸਕੂਲ, ਗੌਰਮੈਂਟ ਮੈਡੀਕਲ ਕਾਲਜ ਆਫ ਨਰਸਿੰਗ ਅਤੇ ਸੀਕੇਡੀ ਨਰਸਿੰਗ ਕਾਲਜ ਸ਼ਾਮਿਲ ਹਨ। ਇਸ ਦੌਰਾਨ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਇਹਨਾਂ ਪ੍ਰੋਗਰਾਮਾਂ ਰਾਹੀਂ ਆਮ ਲੋਕਾਂ ਨੂੰ ਕੁਸ਼ਟ ਰੋਗ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਇਸ ਰੋਗ ਦੇ ਲੱਛਣਾਂ ਬਾਰੇ ਸਭ ਨੂੰ ਸਹੀ ਜਾਣਕਾਰੀ ਮਿਲ ਸਕੇ ਅਤੇ ਇਸ ਰੋਗ ਦੇ ਲੱਛਣਾਂ ਵਾਲਾ ਮਰੀਜ਼ ਮਿਲਣ ਤੇ ਜਾਂਚ ਪੜਤਾਲ ਕਰਕੇ ਸਰਕਾਰੀ ਸਿਹਤ ਕੇਂਦਰ ਤੇ ਜਲਦੀ ਤੋਂ ਜਲਦੀ ਇਲਾਜ ਲਈ ਭੇਜਿਆ ਜਾ ਸਕੇ। ਇਸ ਮੁਹਿੰਮ ਦੌਰਾਨ ਕੁਸ਼ਟ ਰੋਗ ਦੇ ਇਲਾਜ ਅਤੇ ਦਵਾਈਆਂ ਬਾਰੇ ਆਮ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਜਿਵੇਂ ਕਿ ਸਰੀਰ ਤੇ ਕਿਸੇ ਵੀ ਹਿੱਸੇ ਤੇ ਕੋਈ ਅਜਿਹਾ ਨਿਸ਼ਾਨ ਜਿਸ ਦਾ ਰੰਗ ਲਾਲ ਚਿੱਟਾ ਜਾਂ ਤਾਂਬੇ ਰੰਗ ਦਾ ਹੋਵੇ ਜਿਸ ਤੇ ਸ਼ੋਹ ਮਹਿਸੂਸ ਨਾ ਹੁੰਦੀ ਹੋਵੇ ਅਤੇ ਠੰਡਾ ਗਰਮ ਵੀ ਨਾ ਮਹਿਸੂਸ ਹੁੰਦਾ ਹੋਵੇ ਇਸ ਦੇ ਨਾਲ ਹੀ ਹੱਥਾਂ ਪੈਰਾਂ ਤੇ ਆਪਣੇ ਆਪ ਛਾਲੇ ਪੈ ਕੇ ਜਖਮ ਹੋ ਜਾਣਾ ਇਹ ਸਾਰੀਆਂ ਕੁਸ਼ਟ ਰੋਗ ਦੀਆਂ ਨਿਸ਼ਾਨੀਆਂ ਹਨ। ਇਸ ਦਾ ਇਲਾਜ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਮੁਫਤ ਕੀਤਾ ਜਾਂਦਾ। ਇਸ ਅਵਸਰ ਤੇ ਜਿਲ੍ਹਾ ਲਪਰੋਸੀ ਅਫਸਰ ਡਾ ਹਰਪ੍ਰੀਤ ਕੌਰ, ਜਿਲਾ ਐਮਆਈਓ ਅਮਰਦੀਪ ਸਿੰਘ, ਲੈਪਰੋਸੀ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ, ਲੈਪਰੋਸੀ ਸੁਪਰਵਾਈਜ਼ਰ ਮਨਿੰਦਰ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬੀ ਮਾਂ ਬੋਲੀ ਦਾ ਸੱਚਾ ਸੇਵਕ

# ਪ੍ਰਗਟ ਸਿੰਘ ਗਿੱਲ ਬਾਗੀ

ਪ੍ਰਗਟ ਸਿੰਘ ਗਿੱਲ ਬਾਗੀ ਯਾਰਾਂ ਦਾ ਯਾਰ, ਉੱਚੀ ਤੇ ਸੁੱਚੀ ਸੋਚ ਦਾ ਮਾਲਕ, ਸਾਹਿਤ ਪ੍ਰਤੀ ਸਮਾਜ ਪ੍ਰਤੀ ਆਪਣੀ ਆਲੇ ਦੁਆਲੇ ਪ੍ਰਤੀ ਪੰਜਾਬ ਤੇ ਪੰਜਾਬੀਅਤ ਪ੍ਰਤੀ ਫਿਕਰਮੰਦ ਪੰਜਾਬੀ ਮਾਂ ਬੋਲੀ ਦਾ ਇੱਕ ਹੋਣਹਾਰ ਫਰਜੰਦ ।





ਪੰਜਾਬ ਦੇ ਲੁਧਿਆਣਾ ਜ਼ਿਲ੍ਹਾ ਦੇ ਪਿੰਡ ਚੱਕਰ ਆਪਣੇ ਨਾਨਕੇ ਪਿੰਡ ਵਿੱਚ ਜਨਮੇ ਵਿੱਚ ਮਾਤਾ ਚਰਨਜੀਤ ਕੌਰ ਦੀ ਕੁੱਖੋਂ ਤੇ ਸਰਦਾਰ ਕੇਵਲ ਸਿੰਘ ਗਿੱਲ ਦੇ ਘਰ 18 /08/1982 ਨੂੰ ਪਹਿਲੀ ਕਿਲਕਾਰੀ ਮਾਰੀ , ਇੱਕ

ਆਵਾਜ਼ਿ ਕੌਮ AWAZE QAUM International Newspaper & WEB TV

ਭਰਾ ਤੇ ਇੱਕ ਭੈਣ ਵਿੱਚੋਂ ਸਭ ਤੋਂ ਛੋਟੇ ਪ੍ਰਗਟ ਸਿੰਘ ਗਿੱਲ ਬਾਗ.ੀ ਦਾ ਜਿਨ੍ਹਾਂ ਦਾ ਲਾਣਾ ਪਿੰਡ ਵਿੱਚ ਹਵੇਲੀ ਵਾਲਿਆਂ ਦਾ ਲਾਣਾ ਅਖਵਾਉਣ ਦਾ ਮਾਣ ਹਾਸਲ ਹੋਇਆ, ਸਰਦਾਰ ਪ੍ਰਗਟ ਸਿੰਘ ਗਿੱਲ ਬਾਗੀ ਨਿੱਕੀ ਉਮਰੇ ਹੀ ਸਹਿਤ ਨਾਲ ਮੋਹ ਰੱਖਣ ਵਾਲਾ, ਸਿੱਖੀ ਸਿਧਾਂਤਾਂ ਦੀਆਂ ਗੱਲਾਂ ਤੇ ਅਮਲ ਕਰਨ ਵਾਲਾ ਨਿੱਕੀ ਉਮਰ ਵੱਡੀਆਂ ਗੱਲਾਂ ਕਰਨ ਵਾਲਾ ਗਿੱਲ ਬਾਗ.ੀ ।

ਪੰਜਾਬੀ ਮਾਂ ਬੋਲੀ ਦਾ ਹੋਣਹਾਰ ਸਪੂਤ ਪਿੰਡ ਬਹੋਨੇ ਦੀ ਧਰਤੀ ਤੋਂ ਛੋਟੀ ਉਮਰੇ ਕਮਾਈ ਦੇ ਸਿਲਸਿਲੇ ਲਈ ਆਸਟਰੇਲੀਆ ਦੀ ਧਰਤੀ ਤੇ ਜਾ ਵਸਿਆ, ਉਥੇ ਰਹਿ ਕੇ ਵੀ ਉਸਨੇ ਆਪਣੇ ਪੰਜਾਬ ਨੂੰ ਪੰਜਾਬੀਅਤ ਨੂੰ ਸਿੱਖੀ ਨੂੰ ਕਦੇ ਅੱਖੋਂ ਪਰੋਖੇ ਨਹੀਂ ਹੋਣ ਦਿੱਤਾ, ਹਰ ਦਮ ਪੰਜਾਬੀ ਤੇ ਪੰਜਾਬ ਦੀ ਫਿਕਰਮੰਦੀ ਉਸਦੇ ਦਿਲੋਂ ਦਿਮਾਗ ਵਿੱਚ ਚਲਦੀ ਰਹੀ। ਗਰੀਬਾਂ, ਮਜਬੂਰਾਂ , ਬੇਸਹਾਰਿਆਂ ਦੀ ਬਾਂਹ ਫੜਨ ਵਾਲਾ ਗਿੱਲ ਬਾਗੀ , ਜਿੰਨੇ ਵੀ ਅਲੰਕਾਰ ਉਸ ਦੇ ਨਾ ਨਾਲ ਲਾਏ ਜਾਣ ਮੈਂ ਸਮਝਦਾ ਕਿ ਘੱਟ ਹੋਣਗੇ, ਇੱਕ ਸੁਹਿਰਦ, ਸਾਊ, ਸਾਬਤ ਸੂਰਤ, ਚੰਗੇ ਆਚਰਣ ਵਾਲਾ, ਮਾਪਿਆਂ ਦਾ ਹੋਣਹਾਰ ਪੁੱਤ, ਭੈਣਾਂ ਦਾ ਭਰਾ, ਯਾਰਾਂ ਦਾ ਯਾਰ, ਹਰ ਇੱਕ ਭੈਣ ਨੂੰ ਭੈਣ ਕਹਿ ਕੇ ਸੰਬੋਧਨ ਕਰਨ ਵਾਲਾ, ਪ੍ਰਗਟ ਸਿੰਘ ਗਿੱਲ ਬਾਗੀ , ਮੇਰੀਆਂ ਨਜ਼ਰਾਂ ਵਿੱਚ ਇੱਕ ਉੱਚਾ ਸੁੱਚਾ ਕਿਰਦਾਰ ਰੱਖਣ ਵਾਲਾ ਹਰ ਇੱਕ ਨੂੰ ਖਿੜੇ ਮੱਥੇ ਪ੍ਰਵਾਨ ਕਰਨ ਵਾਲਾ, ਹਰ ਇੱਕ ਦੇ ਦੁੱਖ ਦਰਦ ਪੀੜਾਂ ਸਮਝਣ ਵਾਲਾ, ਆਪ ਕਈ ਵਾਰ ਇਕੱਲਾ ਰਹਿ ਜਾਂਦਾ ਹੈ।

ਗੀਤ ਗਜ਼ਲ ਕਵਿਤਾਵਾਂ ਲਿਖਣ ਦੇ ਨਾਲ ਨਾਲ ਉਹ ਵਾਰਤਿਕ ਉੱਪਰ ਵੀ ਆਪਣਾ ਬਾਖੂਬੀ ਯੋਗਦਾਨ ਪਾ ਰਿਹਾ ਹੈ , ਉਸਦੀਆਂ ਕਵਿਤਾਵਾਂ, ਉਸਦੇ ਗੀਤ, ਸਮਾਜ ਨੂੰ ਸੇਧ ਦੇਣ ਵਾਲੇ ਧੀਆਂ ਦੀ ਗੱਲ ,ਸਮਾਜ ਦੀ ਗੱਲ, ਰੁੱਖਾਂ ਦੀ ਗੱਲ, ਪਾਣੀਆਂ ਦੀ ਗੱਲ , ਸਮਾਜ ਵਿੱਚ ਚੱਲ ਰਹੀਆ ਕੁਰੀਤੀਆਂ ਤੇ ਬਾਖੂਬੀ ਉਹ ਆਪਣੀ ਕਲਮ ਨਾਲ ਆਪਣਾ ਫਰਜ਼ ਨਿਭਾ ਰਿਹਾ ਹੈ।

ਇੱਕ ਗੱਲ ਜੋ ਮੈਨੂੰ ਹੈਰਾਨ ਕਰਦੀ ਹੈ, ਉਸ ਦਾ ਚਲਦੇ ਚਲਦੇ ਗੀਤ ਕਵਿਤਾ ਜਾਂ ਗਜ਼ਲ ਲਿਖ ਲੈਣਾ, ਮੈਨੂੰ ਬਹੁਤ ਪ੍ਰਭਾਵਿਤ ਕਰਦਾ ਹੈ, ਪਰਮਾਤਮਾ ਦੀ ਉਸ ਤੇ ਬੜੀ ਵੱਡੀ ਮਿਹਰ ਹੈ। ਇਹੋ ਜਿਹੀਆਂ ਨਿਯਮਤਾਂ ਹਰ ਕਿਸੇ ਦੇ ਹਿੱਸੇ ਨਹੀਂ ਆਇਆ ਕਰਦੀਆਂ, ਉਹ ਪੁਰਸ਼ ਨਿਵੇਕਲੇ ਹੁੰਦੇ ਨੇ, ਜਿਨਾਂ ਨੂੰ ਸੱਚੇ ਪਾਤਸ਼ਾਹ ਇਹੋ ਜਿਹੀਆਂ ਦਾਤਾਂ ਨਾਲ ਨਿਵਾਜਦਾ ਹੈ।

ਗੁਰੂ ਮਹਾਰਾਜ ਤੇ ਪੂਰਨ ਵਿਸ਼ਵਾਸ ਰੱਖਣ ਵਾਲਾ, ਸਿੱਖ ਇਤਿਹਾਸ ਦਾ ਬਹੁਤ ਹੱਦ ਤੱਕ ਗਿਆਨ ਰੱਖਣ ਵਾਲਾ, ਸੱਚੀ ਤੇ ਸੁੱਚੀ ਕਿਰਤ ਕਰਨ ਵਾਲਾ , ਲੋਕਾਈ ਦੇ ਭਲੇ ਲਈ ਦਸਵੰਧ ਕੱਢਣ ਵਾਲਾ ਪਰਗਟ ਸਿੰਘ ਗਿੱਲ ਬਾਗੀ ।

ਲੇਖਕ ਭਲਾਈ ਮੰਚ ਪੰਜਾਬ ਦੀ ਰੀੜ ਦੀ ਹੱਡੀ ਜੇ ਮੈਂ ਕਹਾਂ ਤਾਂ ਕੋਈ ਅਤਕਥਨੀ ਨਹੀਂ ਹੋਵੇਗੀ, ਹੋਰ ਵੀ ਬਹੁਤ ਸਾਰੇ ਸੱਜਣ ਮਿੱਤਰ ਪਿਆਰੇ ਜਿਨਾਂ ਨੂੰ ਪਰਮਾਤਮਾ ਨੇ ਬੜੀ ਬਲ ਬੁੱਧੀ ਸਮਰੱਥਾ ਬਖਸ਼ੀ ਹੈ, ਉਹ ਵੀ ਇਸ ਮੰਚ ਨਾਲ ਮੋਢੇ ਨਾਲ ਮੋਢਾ ਲਾ ਕੇ ਸਾਡਾ ਸਾਥ ਨਿਵਾ ਰਹੇ ਹਨ , ਪਰ ਪ੍ਰਗਟ ਸਿੰਘ ਗਿੱਲ ਬਾਗੀ ਵੱਲੋਂ ਮੈਨੂੰ ਪੂਰਨ ਸਹਿਯੋਗ, ਪੂਰਨ ਆਸ, ਪੂਰਨ ਹਿੰਮਤ ਹੌਸਲਾ ਤੇ ਵਾਅਦਾ ਕੀਤਾ ਗਿਆ ਹੈ।

52 ਕਵੀਆਂ ਦੀ ਕਿਤਾਬ "ਕਲਮਾਂ ਬੋਲਦੀਆਂ" ਅਸੀਂ ਛਾਪਣ ਜਾ ਰਹੇ ਹਾਂ, ਜਿਸ ਵਿੱਚ ਕਿਸੇ ਵੀ ਕਵੀ ਲੇਖਕ ਤੋਂ ਕੋਈ ਵੀ ਰਾਸ਼ੀ ਨਹੀਂ ਲਈ ਜਾਵੇਗੀ ਤੇ ਉਸ ਦੀਆਂ ਰਚਨਾਵਾਂ ਨੂੰ ਇਸ ਕਿਤਾਬ ਦੀ ਸ਼ਾਨ ਬਣਾਇਆ ਜਾਵੇਗਾ, ਪ੍ਰਗਟ ਸਿੰਘ ਗਿੱਲ ਬਾਗ.ੀ ਦੀ ਨਵੇਕਲੀ ਸੋਚ ਦਾ ਇਹ ਪ੍ਰਗਟਾਵਾ ਕਰਦਾ ਹੋਇਆ, ਮੈਂ ਬੜਾ ਮਾਣ ਮਹਿਸੂਸ ਕਰ ਰਿਹਾ ਹਾਂ।

ਸਮੇਂ ਸਮੇਂ ਤੇ ਪੰਜਾਬੀ ਸਾਹਿਤ ਦੇ ਨੇਕ ਕਾਰਜ ਲਈ ਹਰ ਸਮੇਂ ਤਤਪਰ , ਰਹਿਣ ਵਾਲਾ ਪ੍ਰਗਟ ਸਿੰਘ ਗਿੱਲ ਬਾਗੀ ਸਦਾ ਸਦਾ ਤੰਦਰੁਸਤ ਚੜ੍ਹਦੀ ਕਲਾ ਵਿੱਚ ਰਹੇ, ਅਸੀਂ ਉਸ ਸੱਚੇ ਪਾਤਸ਼ਾਹ ਅੱਗੇ ਇਸ ਰੱਬ ਦੇ ਬੰਦੇ ਦੀ ਚੜ੍ਹਦੀ ਕਲਾ ਦੀ ਕਾਮਨਾ ਕਰਦੇ ਹਾਂ ।

**-ਬਹੁਤ ਬਹੁਤ ਪਿਆਰ ਤੇ ਸਤਿਕਾਰ**
**ਤੁਹਾਡੇ ਪਿਆਰੇ ਗੁਰਮੀਤ ਸਿੰਘ ਘਣਗਸ ਵੱਲੋਂ**

# ਹਠੂਰ ਵਿੱਚ ਯੂ ਐੱਸ ਏ ਗਰੁੱਪ ਵੱਲੋਂ ਕਰਵਾਈਆਂ ਬੈਲ ਗੱਡੀਆਂ ਦੀਆਂ ਦੌੜਾਂ

## ਜੇਤੂਆਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਸਨਮਾਨਿਤ







ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਯੂ ਐੱਸ ਏ ਗਰੁੱਪ ਵੱਲੋਂ ਸਮੂਹ ਗ੍ਰਾਮ ਪੰਚਾਇਤ ਨਗਰ ਪਿੰਡ ਹਠੂਰ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਸੂਏ ਦੇ ਨਾਲ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ, ਜਿਸ ਵਿੱਚ ਵੱਖ ਵੱਖ ਥਾਵਾਂ ਤੋਂ ਅਨੇਕਾਂ ਵੀਰ ਆਪਣੀਆਂ ਬੈਲ ਗੱਡੀਆਂ ਲੈ ਕੇ ਆਏ ਤੇ ਦੋੜਾਂ ਵਿੱਚ ਹਿੱਸਾ ਲਿਆ, ਜਿੰਨ੍ਹਾਂ ਨੂੰ ਯੂ ਐੱਸ ਏ ਗਰੁੱਪ ਅਤੇ ਸ: ਜਗਜੀਤ ਸਿੰਘ ਯੂ ਐੱਸ ਏ, ਇੰਦਰਪਾਲ ਸਿੰਘ ਕੈਨੇਡਾ, ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ ਨੇ ਜੀ ਆਇਆਂ ਆਖਿਆ, ਬੈਲ ਗੱਡੀਆਂ ਦੀਆਂ ਹੋਈਆਂ ਸ਼ਾਨਦਾਰ ਦੋੜਾਂ ਵਿੱਚ ਪਹਿਲਾ ਸਥਾਨ ਬਾਵਾ ਤਾਜਪੁਰ ਦੀ ਬੈਲ ਗੱਡੀ ਦਾ ਰਿਹਾ ਤੇ ਦੂਜੇ ਸਥਾਨ ਤੇ ਬੂਟਾ ਸਿੰਘ ਚੁੰਗਾਂ ਦੀ ਬੈਲ ਗੱਡੀ ਆਈ, ਤੀਜੇ ਸਥਾਨ ਤੇ ਕੁਲਵੀਰ ਮਾਣਕ ਦੀ ਬੈਲ ਗੱਡੀ ਆਈ, ਇਸੇ ਤਰ੍ਹਾਂ ਕ੍ਰਮਵਾਰ 28 ਬੈਲ ਗੱਡੀਆਂ ਦੇ ਦੋੜਾਕਾਂ ਨੂੰ ਯੂ ਐੱਸ ਏ ਗਰੁੱਪ ਵੱਲੋਂ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਗੱਲਬਾਤ ਕਰਦਿਆਂ ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਬੈਲ ਗੱਡੀਆਂ ਦੀਆਂ ਦੌੜਾਂ ਪੁਰਾਣੇ ਸਮੇਂ ਤੋਂ ਛੋਟੇ-ਛੋਟੇ ਹੁੰਦਿਆਂ ਦੇਖਦੇ ਆਏ ਹਾਂ, ਹਠੂਰ ਵਿੱਚ ਵੱਖ ਵੱਖ ਥਾਵਾਂ ਤੋਂ ਚੰਗੇ-ਚੰਗੇ ਬਲਦਾਂ ਦੀਆਂ ਜੋੜੀਆਂ ਲੈ ਕੇ ਬੈਲ ਗੱਡੀਆਂ ਦੀਆਂ ਦੌੜਾਂ ਵਿੱਚ ਹਿੱਸਾ ਲੈਣ ਵੀਰ ਆਇਆ ਕਰਦੇ ਸਨ। ਅੱਜ ਉਹ ਪੁਰਾਣਾ ਸਮਾਂ ਯਾਦ ਆ ਗਿਆ, ਯੂ ਐੱਸ ਏ ਗਰੁੱਪ ਦਾ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਉਣ ਲਈ ਧੰਨਵਾਦ ਕਰਦੇ ਹਾਂ, ਤੇ ਬੈਲ ਗੱਡੀਆਂ ਦੀਆਂ ਦੌੜਾਂ ਵਿੱਚ ਬਲਦਾਂ ਦੀਆਂ ਜੋੜੀਆਂ ਲੈ ਕੇ ਹਿੱਸਾ ਲੈਣ ਆਏ ਸਾਰੇ ਨੌਜਵਾਨਾਂ, ਵੀਰਾਂ ਦਾ ਧੰਨਵਾਦ, ਤੇ ਵੇਖਣ ਆਏ ਸਾਰੇ ਦਰਸ਼ਕਾਂ ਦੇ ਵੀ ਧੰਨਵਾਦੀ ਹਾਂ, ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਯੂ ਐੱਸ ਏ ਗਰੁੱਪ ਦਾ ਧੰਨਵਾਦ ਕੀਤਾ, ਤੇ ਕਿਹਾ ਕਿ ਬੈਲ ਗੱਡੀਆਂ ਦੀਆਂ ਦੌੜਾਂ ਪੁਰਾਤਨ ਸਮੇਂ ਦੀਆਂ ਖੇਡਾਂ ਦਾ ਹਿੱਸਾ ਹਨ। ਜਿਸ ਨੂੰ ਹੁਣ ਦੀ ਨੌਜਵਾਨ ਪੀੜ੍ਹੀ ਵੇਖ ਰਹੀ ਹੈ। ਕਿ ਕਿਸ ਤਰ੍ਹਾਂ ਪੁਰਾਤਨ ਸਮੇਂ ਬੈਲ ਗੱਡੀਆਂ ਦੀਆਂ ਦੌੜਾਂ ਹੋਇਆ ਕਰਦੀਆਂ ਸਨ। ਯੂ ਐੱਸ ਗਰੁੱਪ ਅਤੇ ਜਗਜੀਤ ਸਿੰਘ ਧਾਲੀਵਾਲ ਯੂ ਐੱਸ ਏ ਨੇ ਅੰਤ ਵਿੱਚ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਐੱਨ ਆਰ ਆਈ ਵੀਰਾਂ ਅਤੇ ਬੈਲ ਗੱਡੀਆਂ ਦੀਆਂ ਦੌੜਾਂ ਵਿੱਚ ਹਿੱਸਾ ਲੈਣ ਆਏ ਸਾਰਿਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਕਮੈਂਟਰੀ ਦੀਆਂ ਸੇਵਾਵਾਂ ਕਮਲ ਹਠੂਰ ਨੇ ਨਿਭਾਈਆਂ, ਯੂ ਐੱਸ ਏ ਗਰੁੱਪ ਵੱਲੋਂ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਅਤੇ ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ, ਪੰਚ ਜਗਦੇਵ ਸਿੰਘ ਬੱਬੂ ਗਰੇਵਾਲ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਪਰਮਲ ਸਿੰਘ ਕੈਨੇਡਾ, ਦਰਸ਼ਨ ਸਿੰਘ ਧਾਲੀਵਾਲ ਕੈਨੇਡਾ, ਸੁਖਦੀਪ ਸਿੰਘ ਕੈਨੇਡਾ, ਅਮਰਜੀਤ ਸਿੰਘ ਬੈਲਜੀਅਮ, ਜੱਸਾ ਬੈਲਜੀਅਮ, ਬਬਲੀ ਕੈਨੇਡਾ, ਪੰਚ ਜਗਦੇਵ ਸਿੰਘ ਬੱਬੂ ਗਰੇਵਾਲ ਹਠੂਰ, ਅਮਨਾ ਵਾਸੀ, ਗੁਰਮੀਤ ਸਿੰਘ ਟੀਟ, ਜਗਜੀਤ ਸਿੰਘ ਜੱਗੀ, ਹੀਰਾ, ਡਾਕਟਰ ਟੋਨੀ ਬੱਧਨੀ, ਜੀਤਾ ਮੈਂਬਰ, ਲਵੀ ਡੱਲਾ, ਅਰਸ਼ ਉੱਪਲ, ਸਿਮਰਾ ਭੰਮੀਪੁਰਾ, ਦੀਪ ਹਠੂਰ, ਲਾਡੀ ਹਠੂਰ, ਅਮ੍ਰਿਤ ਹਠੂਰ, ਮੁਨਸ਼ੀ ਗੁਰਪ੍ਰੀਤ ਸਿੰਘ ਹਠੂਰ, ਪ੍ਰਧਾਨ ਲਾਡੀ ਧਾਲੀਵਾਲ ਹਠੂਰ, ਸਮੇਤ ਅਨੇਕਾਂ ਪਤਵੰਤੇ ਸੱਜਣਾ ਦੀ ਹਾਜ਼ਰੀ ਰਹੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਦਾਰ ਦਲਜੀਤ ਸਿੰਘ ਕਾਲੜਾ ਨੂੰ ਮੁੱਖ ਮੰਤਰੀ ਰੇਖਾ ਗੁਪਤਾ ਅਤੇ

# ਦਿੱਲੀ ਦੇ ਮੰਤਰੀਆਂ, ਸੰਤਾਂ ਮਹਾਂਪੁਰਖਾਂ ਸਮੇਤ ਹਜ਼ਾਰਾਂ ਲੋਕਾਂ ਨੇ ਦਿੱਤੀ ਸ਼ਰਧਾਂਜਲੀ



ਨਵੀਂ ਦਿੱਲੀ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੇ ਸਤਿਕਾਰਯੋਗ ਪਿਤਾ ਸਰਦਾਰ ਦਲਜੀਤ ਸਿੰਘ ਕਾਲੜਾ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਨਵੀਂ ਦਿੱਲੀ ਵਿਖੇ ਆਯੋਜਿਤ ਕੀਤਾ ਗਿਆ ਜਿਸ ਵਿਚ ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ, ਮੰਤਰੀ ਮਨਜਿੰਦਰ ਸਿੰਘ ਸਿਰਸਾ, ਐਮ ਪੀ ਬੰਸੁਰੀ ਸਵਰਾਜ, ਕਮਲਜੀਤ ਸਹਿਰਾਵਤ ਤੇ ਸੰਤਾਂ ਮਹਾਂਪੁਰਖਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿਚ ਸ਼ਖਸੀਅਤਾਂ ਨੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਸਰਦਾਰ ਦਲਜੀਤ ਸਿੰਘ ਕਾਲੜਾ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਉਹਨਾਂ ਨੇ ਹਮੇਸ਼ਾ ਹੀ ਸਰਦਾਰ ਹਰਮੀਤ ਸਿੰਘ ਕਾਲਕਾ ਜੀ ਨੂੰ ਸਮਾਜ ਵਾਸਤੇ ਕੰਮ ਕਰਦਿਆਂ ਵੇਖਿਆ ਹੈ। ਕਦੇ ਵੀ ਕਿਸੇ ਦੇ ਸੁੱਖ ਦੁੱਖ ਦਾ ਮੌਕਾ ਹੋਵੇ ਜਾਂ ਸਮਾਜ 'ਤੇ ਕੋਈ ਮੁਸ਼ਕਿਲ ਆਈ ਹੋਵੇ, ਉਹਨਾਂ ਕਦੇ ਪਿੱਛੇ ਮੁੜ ਕੇ ਨਹੀਂ ਵੇਖਿਆ। ਉਹਨਾਂ ਨੇ ਹਮੇਸ਼ਾ ਭਰਾਵਾਂ ਦਾ ਸਾਥ ਦਿੱਤਾ। ਉਹਨਾਂ ਕਿਹਾ ਕਿ ਇਹ ਪਿਤਾ ਦਾ ਹੀ ਮਾਰਗ ਦਰਸ਼ਨ ਹੈ ਕਿ ਉਹਨਾਂ ਨੇ ਸਮਾਜ ਵਿਚ ਇੰਨਾ ਨਾਮ ਕਮਾਇਆ ਹੈ ਕਿ ਉਹਨਾਂ ਦੇ ਭੋਗ 'ਤੇ ਪ੍ਰਧਾਨ ਮੰਤਰੀ ਸਮੇਤ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਪਹੁੰਚ ਕੇ ਦੁੱਖ ਸਾਂਝਾ ਕੀਤਾ ਹੈ। ਉਹਨਾਂ ਕਿਹਾ ਕਿ ਉਹ ਗੁਰੂ ਸਾਹਿਬ ਅੱਗੇ ਅਰਦਾਸ ਕਰਦੇ ਹਨ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਿਸ਼ ਕਰਨ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਮਾਗਮ ਵਿਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਜੇ ਪੀ ਨੱਢਾ ਨੇ ਵੀ ਸ਼ੋਕ ਸੰਦੇਸ਼ ਭੇਜੇ ਜਿਸਨੂੰ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਪੜ੍ਹ ਕੇ ਸੁਣਾਇਆ। ਉਹਨਾਂ ਕਿਹਾ ਕਿ ਸਰਦਾਰ ਹਰਮੀਤ ਸਿੰਘ ਕਾਲਕਾ ਵੱਲੋਂ ਆਪਣੇ ਪਿਤਾ ਸਰਦਾਰ ਦਲਜੀਤ ਸਿੰਘ ਕਾਲੜਾ ਦੇ ਵਿਖਾਏ ਮਾਰਗ 'ਤੇ ਚਲਦਿਆਂ ਸਮਾਜ ਦੀ ਕੀਤੀ ਜਾ ਰਹੀ ਸੇਵਾ ਦਾ ਹੀ ਪ੍ਰਤਾਪ ਹੈ ਕਿ ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਸਮੇਤ ਦਿੱਲੀ ਦੇ ਮੁੱਖ ਮੰਤਰੀ ਤੇ ਸਮਾਜ ਦੀਆਂ ਵੱਖ-ਵੱਖ ਸ਼ਖਸੀਅਤਾਂ ਹਜ਼ਾਰਾਂ ਦੀ ਗਿਣਤੀ ਵਿਚ ਸਰਦਾਰ ਕਾਲੜਾ ਦੇ ਸ਼ਰਧਾਂਜਲੀ ਸਮਾਗਮ ਵਿਚ ਸ਼ਾਮਲ ਹੋਈਆਂ ਹਨ। ਉਹਨਾਂ ਦੱਸਿਆ ਕਿ ਸਰਦਾਰ ਦਲਜੀਤ ਸਿੰਘ ਕਾਲੜਾ ਦੇ ਪਿਤਾ ਸਰਦਾਰ ਜਸਵੰਤ ਸਿੰਘ ਕਾਲਕਾ ਦੇ ਸਮੇਂ ਤੋਂ 1982 ਤੋਂ ਪਰਿਵਾਰ ਦਿੱਲੀ ਗੁਰਦੁਆਰਾ ਕਮੇਟੀ ਰਾਹੀਂ ਸੰਗਤਾਂ ਅਤੇ ਕੌਮ ਦੀ ਸੇਵਾ ਕਰਦਾ ਆ ਰਿਹਾ ਹੈ ਤੇ ਇਹ ਸੇਵਾ 2025 ਵਿਚ ਵੀ ਜਾਰੀ ਹੈ।। ਉਹਨਾਂ ਕਿਹਾ ਕਿ ਜਿੰਨੇ ਵੀ ਪੰਥਕ ਮੋਰਚੇ ਲੱਗੇ, ਉਹਨਾਂ ਸਭ ਵਿਚ ਪਰਿਵਾਰ ਨੇ ਅੱਗੇ ਹੋ ਕੇ ਕੌਮ ਦੀ ਸੇਵਾ ਨਿਭਾਈ। ਉਹਨਾਂ ਕਿਹਾ ਕਿ ਇਸੇ ਤਰੀਕੇ ਸਰਦਾਰ ਹਰਮੀਤ ਸਿੰਘ ਕਾਲਕਾ ਆਪਣੇ ਪਿਤਾ ਤੇ ਦਾਦਾ ਦੇ ਪੂਰਨਿਆਂ 'ਤੇ ਚਲਦਿਆਂ ਕੌਮ ਦੀ ਸੇਵਾ ਕਰ ਰਹੇ ਹਨ। ਉਹਨਾਂ ਕਿਹਾ ਕਿ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਉਹਨਾਂ ਦੇ ਸਮੁੱਚੇ ਪਰਿਵਾਰ ਦੀ ਸਮਾਜ ਨੂੰ ਬਹੁਤ ਵੱਡੀ ਦੇਣ ਹੈ ਜਿਸਨੂੰ ਸ਼ਬਦਾਂ ਵਿਚ ਬਿਆਨ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸ਼ੋਕ ਸੰਦੇਸ਼ ਭੇਜਿਆ। ਸਮਾਗਮ ਵਿਚ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ, ਦਿੱਲੀ ਦੇ ਸਾਬਕਾ ਮੁੱਖ ਮੰਤਰੀ ਆਤਿਸ਼ੀ, ਐਮ ਪੀ ਜੋਗਿੰਦਰ ਚੰਦੋਲੀਆ, ਕੇਂਦਰੀ ਮੰਤਰੀ ਹਰਦੀਪ ਪੁਰੀ, ਚੜ੍ਹਦੀਕਲਾ ਟਾਈਮ ਟੀ ਵੀ ਤੋਂ ਜਗਜੀਤ ਸਿੰਘ ਦਰਦੀ, ਤਰਵਿੰਦਰ ਸਿੰਘ ਮਰਵਾਹ, ਹਰਮਿੰਦਰ ਸਿੰਘ ਗਿੱਲ, ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਸਤਨਾਮ ਸਿੰਘ ਸੰਧੂ ਐਮ ਪੀ ਰਾਜ ਸਭਾ, ਰਾਮਵੀਰ ਸਿੰਘ ਬਿਧੂਰੀ ਐਮ ਪੀ, ਰਘਬੀਰ ਸਿੰਘ ਜੋੜਾ, ਰਬਿੰਦਰ ਨਰਾਇਣ ਪੀ ਟੀ ਸੀ, ਇੰਦਰਜੀਤ ਸਿੰਘ, ਜਰਨੈਲ ਸਿੰਘ ਐਮ ਐਲ ਏ, ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ, ਐਮ ਪੀ ਐਸ ਚੱਢਾ, ਤਰਲੋਚਨ ਸਿੰਘ ਸਾਬਕਾ ਚੇਅਰਮੈਨ, ਬਾਬਾ ਮੋਹਨ ਸਿੰਘ, ਜਗਮੀਤ ਸਿੰਘ ਬਰਾੜ ਸਾਬਕਾ ਐਮ ਪੀ ਸਮੇਤ ਦਿੱਲੀ ਗੁਰਦੁਆਰਾ ਕਮੇਟੀ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੀ ਸ਼ਰਧਾ ਦੇ ਫੁੱਲ ਭੇਂਟ ਕੀਤੇ। ਸਮਾਗਮ ਵਿਚ ਬਾਬਾ ਬਚਨ ਸਿੰਘ ਤੇ ਬਾਬਾ ਸਤਨਾਮ ਸਿੰਘ, ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਹੈਡ ਗ੍ਰੰਥੀ, ਕਮੇਟੀ ਵੱਲੋਂ ਮੈਂਬਰ ਸਾਹਿਬਾਨ ਤੇ ਹੋਰ ਰਾਗੀ, ਢਾਡੀ ਤੇ ਪੰਥਕ ਜਥੇਬੰਦੀਆਂ ਨੇ ਸਰਦਾਰ ਮਨਦੀਪ ਸਿੰਘ ਕਾਲੜਾ, ਸਰਦਾਰ ਚਰਨਦੀਪ ਸਿੰਘ ਕਾਲੜਾ ਤੇ ਸਰਦਾਰ ਹਰਮੀਤ ਸਿੰਘ ਕਾਲਕਾ ਨੂੰ ਦਸਤਾਰਾਂ ਭੇਂਟ ਕੀਤੀਆਂ। ਮੰਚ ਦਾ ਸੰਚਾਲਨ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ।

ਸਿੱਖ ਪੰਥ ਨੂੰ ਮਿਲ ਰਹੀਆਂ ਦਰਪੇਸ਼ ਚੁਣੌਤੀਆਂ ਦੇ ਸਨਮੁਖ ਆਪਣੀਆਂ ਸੰਸਥਾਵਾਂ ਦੀ ਰੱਖਿਆ ਅਤੇ

# ਚੁਣੌਤੀਆਂ ਦੇ ਟਾਕਰੇ ਲਈ ਇਕਜੁੱਟ ਹੋਇਆ ਜਾਏ: ਗਿਆਨੀ ਕੁਲਦੀਪ ਸਿੰਘ ਗੜਗਜ

ਸ੍ਰੀ ਅੰਮ੍ਰਿਤਸਰ, 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ

## ਪੰਜ ਮੈਂਬਰੀ ਕਮੇਟੀ ਨੂੰ ਸੱਦਾ ਪੱਤਰ ਭੇਜਣ ਉਪਰੰਤ ਉਨ੍ਹਾਂ ਨਾਲ ਕੀਤੀ ਗਈ ਮੁਲਾਕਾਤ



ਸਾਹਿਬ ਤੋਂ ਜਾਰੀ ਇੱਕ ਲਿਖਤੀ ਪ੍ਰੈੱਸ ਬਿਆਨ ਵਿੱਚ ਕਿਹਾ ਹੈ ਕਿ ਉਨ੍ਹਾਂ ਨੂੰ ਸੇਵਾ ਸੰਭਾਲੀ ਨੂੰ ਹਾਲੇ ਕੁਝ ਦਿਨ ਹੀ ਹੋਏ ਹਨ ਅਤੇ ਇਹਨਾਂ ਦਿਨਾਂ ਵਿੱਚ ਹੀ ਦਸਵੇਂ ਪਾਤਸ਼ਾਹ ਵਲੋਂ ਬਖਸ਼ਿਆ ਕੌਮੀ ਤਿਉਹਾਰ ਹੋਲਾ ਮਹੱਲਾ ਸੀ। ਇਸ ਲਈ ਉਹ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸੇਵਾਦਾਰ ਹੋਣ ਦੇ ਨਾਤੇ ਹੋਲੇ ਮਹੱਲੇ ਵਿੱਚ ਰੁੱਝੇ ਹੋਏ ਸਨ, ਜਿਸ ਕਾਰਨ ਦੋ ਦਸੰਬਰ ਨੂੰ ਜੋ ਫੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਉਹਨਾਂ ਬਾਬਤ ਜਾਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸੰਬੰਧੀ ਚੱਲ ਰਹੇ ਮਸਲੇ ਬਾਬਤ ਸਮੇਂ ਦੀ ਘਾਟ ਕਾਰਨ ਕੋਈ ਘੋਖ ਨਹੀਂ ਕਰ ਸਕੇ। ਨਾ ਹੀ ਪਿਛਲੇ ਸਿੰਘ ਸਾਹਿਬਾਨ ਵੱਲੋਂ ਬਣਾਈ ਗਈ ਕਮੇਟੀ ਨਾਲ ਇਸ ਸੰਬੰਧੀ ਕੋਈ ਗੱਲ ਹੋ ਸਕੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਪਣੇ ਸੰਬੋਧਨ ਦੌਰਾਨ ਵੀ ਪੰਥਕ ਏਕਤਾ ਦਾ ਹੋਕਾ ਦਿੱਤਾ ਸੀ, ਕਿਉਂਕਿ ਇਹ ਸਮੇਂ ਦੀ ਲੋੜ ਹੈ ਤੇ ਇਹ ਸਮੁੱਚੇ ਖ਼ਾਲਸਾ ਪੰਥ ਦੀ ਭਾਵਨਾ ਵੀ ਹੈ। ਉਨ੍ਹਾਂ ਕਿਹਾ ਕਿ ਪੰਥਕ ਏਕਤਾ ਸਬੰਧੀ ਹਾਂ ਪੱਖੀ ਹੁੰਗਾਰਾ ਭਰਦੇ ਹੋਏ ਬੀਤੇ ਕੱਲ੍ਹ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਸ. ਬਲਵਿੰਦਰ ਸਿੰਘ ਭੂੰਦੜ ਨੇ ਪ੍ਰੈੱਸ ਕਾਨਫਰੰਸ ਵਿੱਚ ਜੋ ਨੁਕਤੇ ਉਠਾਏ ਹਨ, ਖਾਸ ਕਰ ਸਿੰਘ ਸਾਹਿਬਾਨ ਵੱਲੋਂ ਦੋ ਦਸੰਬਰ ਨੂੰ ਕੀਤੇ ਫੈਸਲਿਆਂ ਵਿੱਚੋਂ ਜੋ ਕੇਂਦਰੀ ਨੁਕਤੇ ਆਪਸੀ ਏਕਤਾ ਦਾ ਸੀ ਉਸ ਬਾਰੇ ਪਹਿਲ ਕੀਤੀ ਹੈ। ਇਹ ਇੱਕ ਸ਼ੁਭ ਸੰਕੇਤ ਹੈ। ਸਿੰਘ ਸਾਹਿਬ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਸਮੁੱਚੀ ਅਕਾਲੀ ਲੀਡਰਸ਼ਿਪ ਇਸ ਬਾਬਤ ਹੋਰ ਗੰਭੀਰ ਹੁੰਦੇ ਹੋਏ ਯਤਨ ਵੀ ਕਰਨਗੇ। ਉਨ੍ਹਾਂ ਕਿਹਾ ਕਿ ਇਸੇ ਤਹਿਤ ਅੱਜ ਕਮੇਟੀ ਦੇ ਪੰਜ ਮੈਂਬਰਾਂ ਨੂੰ ਭੇਜੇ ਗਏ ਸੱਦਾ ਪੱਤਰਾਂ ਉਪਰੰਤ ਕਮੇਟੀ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿੱਚ ਪਹੁੰਚ ਕੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਦੋ ਦਸੰਬਰ ਨੂੰ ਹੋਏ ਫੈਸਲਿਆਂ ਦੀ ਰੋਸ਼ਨੀ ਵਿੱਚ ਪੰਥਕ ਏਕਤਾ ਸੰਬੰਧੀ ਅੱਗੇ ਵੱਧਣ ਬਾਰੇ ਚਰਚਾ ਕੀਤੀ ਗਈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਉਨ੍ਹਾਂ ਦਾ ਇਹ ਮੰਨਣਾ ਹੈ ਕਿ ਸਿੱਖ ਪੰਥ ਨੂੰ ਦਰਪੇਸ਼ ਚੁਣੌਤੀਆਂ ਦੇ ਸਨਮੁਖ ਇਹ ਜ਼ਰੂਰੀ ਹੈ ਕਿ ਅਸੀਂ ਆਪਣੀਆਂ ਸੰਸਥਾਵਾਂ ਦੀ ਰੱਖਿਆ ਅਤੇ ਚੁਣੌਤੀਆਂ ਦੇ ਟਾਕਰੇ ਲਈ ਇਕਜੁੱਟ ਹੋਈਏ। ਇਹ ਏਕਤਾ ਸਮੂਹ ਪੰਥਕ ਧਿਰਾਂ ਵਿੱਚ ਹੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਮੂਹ ਕਮੇਟੀ ਮੈਂਬਰਾਂ ਵਲੋਂ ਪੰਥਕ ਏਕਤਾ ਲਈ ਹਾਂ ਪੱਖੀ ਹੁੰਗਾਰਾ ਭਰਿਆ ਗਿਆ ਹੈ। ਸਿੰਘ ਸਾਹਿਬ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਸ ਬਾਰੇ ਸਾਰੀਆਂ ਹੀ ਧਿਰਾਂ ਨੂੰ ਨਾਲ ਲੈ ਕੇ ਪੰਥਕ ਏਕਤਾ ਤੇ ਮਾਹੌਲ ਨੂੰ ਸੁਖਾਵਾਂ ਬਣਾਉਣ ਲਈ ਅੱਗੇ ਵਧਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਹੋਈ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ ਅਤੇ ਪ੍ਰੀਤਮ ਸਿੰਘ ਬਾਦਸ਼ਾਹਪੁਰ ਬਲਾਕ ਪ੍ਰਧਾਨ ਸ਼ੇਰਪੁਰ, ਭੁਪਿੰਦਰ ਸਿੰਘ ਪ੍ਰਧਾਨ ਬਲਾਕ ਧੂਰੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਜੱਥੇਬੰਦੀ ਦੇ ਕੌਮੀ ਪ੍ਰਧਾਨ ਬਲਵੀਰ ਸਿੰਘ ਰਾਜੇਵਾਲ ਜੋ ਮਿਤੀ 23 ਮਾਰਚ ਨੂੰ ਪਿੰਡ ਬੱਡਰੁੱਖਾਂ ਵਿਖੇ ਸ਼ਹੀਦ ਭਗਤ ਸਿੰਘ ਜੀ ਦਾ ਜਨਮ ਦਿਨ ਮਨਾਉਣ ਸਬੰਧੀ ਪਹੁੰਚ ਰਹੇ ਹਨ, ਇਸ ਮੌਕੇ ਜੱਥੇਬੰਦੀ ਦੇ ਵਰਕਰ ਪਹੁੰਚਣ ਦਾ ਫੈਸਲਾ ਕੀਤਾ ਗਿਆ। ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਮਾਰਚ ਨੂੰ ਸੈਕਟਰ 34 ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਇੱਕ ਦਿਨਾਂ ਰੈਲੀ ਵਿੱਚ ਵੱਧ ਚੜ੍ਹ ਕੇ ਪਹੁੰਚਣ ਦਾ ਫੈਸਲਾ ਕੀਤਾ ਗਿਆ। ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਸੌਣੀ ਦੀ ਬਿਜਾਈ ਦਾ ਸਮਾਂ ਨੇੜੇ ਆ ਗਿਆ ਹੈ, ਕਿਸਾਨ ਮੇਲੇ ਲੱਗ ਰਹੇ ਹਨ, ਝੋਨੇ ਦੀ ਵਰਾਇਟੀ ਬਾਰੇ ਸਰਕਾਰ ਸਪੱਸ਼ਟ ਕਰੇ, ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ, ਮਲਕੀਤ ਸਿੰਘ ਖਜਾਨਚੀ, ਮਲਕੀਤ ਸਿੰਘ ਜੱਖਲਾਂ, ਗੁਰਮੁੱਖ ਸਿੰਘ, ਸੁਖਪਾਲ ਸਿੰਘ, ਗੁਰਬਚਨ ਸਿੰਘ, ਗੁਰਨਾਮ ਸਿੰਘ,ਜਗਤੇਜ ਸਿੰਘ, ਸੱਤਪਾਲ ਸਿੰਘ, ਜਗਰੂਪ ਸਿੰਘ, ਨਿਰਭੈ ਸਿੰਘ, ਕੌਰ ਸਿੰਘ, ਜਸਦੇਵ ਸਿੰਘ, ਗੁਰਨਾਮ ਸਿੰਘ, ਜਸਵੀਰ ਸਿੰਘ, ਸੁਰਜੀਤ ਸਿੰਘ, ਰਛਪਾਲ ਸਿੰਘ, ਜੋਗਿੰਦਰ ਸਿੰਘ, ਸੱਤਪਾਲ ਸਿੰਘ, ਰਾਜਿੰਦਰ ਸਿੰਘ, ਛੋਟਾ ਸਿੰਘ ਅਤੇ ਅਮਰਜੀਤ ਸਿੰਘ ਆਦਿ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਆਪ ਦੀ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤੋਂ ਪੰਜਾਬ ਦੇ ਲੋਕ ਖੁਸ਼: ਆਪ ਆਗੂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨਸ਼ਿਆ ਵੇਚਣ ਵਾਲਿਆਂ ਵਿਰੁੱਧ ਸ਼ਿਕੰਜਾ ਆਮ ਪਾਰਟੀ ਆਪਣਾ ਵਲਡੋਜਰ ਚਲਾ ਦਿੱਤਾ ਹੈ ਜਿਸ ਤੋਂ ਲੋਕ ਕਾਫ਼ੀ ਖੁਸ਼ ਦਿਖਾਈ ਦੇ ਰਹੇ ਹਨ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੇ ਨੌਜਵਾਨਾਂ ਨੂੰ ਹੱਸਦੇ ਵੱਸਦੇ ਦੇਖਣਾ ਚਾਹੁੰਦੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਲਾਕ ਪ੍ਰਧਾਨ ਸੁਰਜੀਤ ਸਿੰਘ ਰਾਜੋਮਾਜਰਾ, ਇਕਾਈ ਪ੍ਰਧਾਨ ਗੁਰਮੇਲ ਸਿੰਘ ਘਨੌਰੀ, ਆਪ ਆਗੂ ਮਾਸਟਰ ਕੁਲਵੰਤ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਸੂਬੇ ਵਿੱਚ ਨਸ਼ਿਆ ਵਿਰੁੱਧ ਚੱਲ ਰਹੀ ਜੰਗ ਦੇ ਪ੍ਰਭਾਵਸ਼ਾਲੀ ਨਤੀਜਿਆਂ ਤੇ ਸੰਤੁਸ਼ਟੀ ਪ੍ਰਗਟ ਕੀਤੀ। ਆਪ ਸਰਕਾਰ ਨੇ ਰਾਸ਼ਟਰੀ ਕਨਵੀਨਰ ਅਰਵਿੰਦਰ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਸਮਾਜਿਕ ਬੁਰਾਈ ਨੂੰ ਖਤਮ ਕਰਨ ਲਈ ਅਟੱਲ ਵਚਨਬੱਧਤਾ ਨਾਲ ਨਸ਼ਾ ਵਿਰੋਧੀ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਅਧੀਨ ਕੰਮ ਕਰਨ ਵਾਲੇ ਭ੍ਰਿਸ਼ਟ ਸਿਆਸਤਦਾਨਾਂ, ਅਧਿਕਾਰੀਆਂ ਅਤੇ ਤਸਕਰਾਂ ਦੇ ਗੱਠਜੋੜ ਨੂੰ ਖ਼ਤਮ ਕਰ ਦਿੱਤਾ ਗਿਆ ਹੈ। ਰਾਜ ਹੁਣ ਇੱਕ ਪਰਿਵਰਤਨਸ਼ੀਲ ਤਬਦੀਲੀ ਦੇਖ ਰਿਹਾ ਹੈ, ਜਿਸ ਵਿੱਚ ਮਾਪੇ ਭਾਈਚਾਰਕ ਆਗੂ ਅਤੇ ਨੌਜਵਾਨ ਇਸ ਖਤਰੇ ਨਾਲ ਲੜਨ ਲਈ ਇੱਕਜੁੱਟ ਹੋ ਰਹੇ ਹਨ। ਇਸ ਮੌਕੇ ਚਰਨਜੀਤ ਸਿੰਘ ਕਾਲੋਂ, ਸੁਖਦੇਵ ਸਿੰਘ ਚਹਿਲ ਤੋਂ ਇਲਾਵਾ ਆਪ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਜੇਪੀ ਨੇ ਆਪ ਸਰਕਾਰ ਦੇ ਤਿੰਨ ਸਾਲ ਪੂਰੇ ਹੋਣ ਤੇ ਕੀਤਾ ਪਿਟ ਸਿਆਪਾ



ਧੂਰੀ ( ਰਣਜੀਤ ਸਿੰਘ ਪੇਧਨੀ )ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੇ ਤਿੰਨ ਵਰੇ ਪੂਰੇ ਹੋਣ ਤੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਸ,ਰਣਦੀਪ ਸਿੰਘ ਦਿਓਲ ਨੇ ਸਰਕਾਰ ਦੀਆਂ ਨਾਕਾਮੀਆਂ ਨੂੰ ਸਾਹਮਣੇ ਰੱਖਦੇ ਹੋਏ ਸ਼ਹਿਰ ਵਿਚਕਾਰ ਦੀ ਰੋਸ ਪ੍ਰਦਰਸ਼ਨ ਕੀਤਾ।

ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਖਿਲਾਫ ਤੰਜ ਕਸਦਿਆ ਕਿਹਾ ਕਿ ਸੂਬੇ ਅੰਦਰ ਅਮਨ ਕਾਨੂੰਨ ਦੀ ਸਥਿਤੀ ਨਿਘਾਰ ਵੱਲ ਚਲੀ ਗਈ ਹੈ ਚਹੁੰ ਪਾਸੇ ਅਸ਼ਾਂਤੀ ਦਾ ਬੋਲਬਾਲਾ ਹੋ ਗਿਆ ਹੈ, ਧਾਰਮਿਕ ਸਥਾਨਾਂ ਉੱਪਰ ਗਨੇਡਾਂ ਨਾਲ ਹਮਲੇ ਕੀਤੇ ਜਾ ਰਹੇ ਹਨ, ਸੂਬੇ ਅੰਦਰ ਨਿਤ ਕਤਲ, ਲੁੱਟ ਖੋਹ ਦੀਆਂ ਵਾਰਦਾਤਾਂ ਸਾਹਮਣੇ ਆ ਰਹੀਆਂ ਹਨ ਪਰ ਅਫ਼ਸੋਸ ਸਰਕਾਰ ਤਮਾਸ਼ਬੀਨ ਬਣ ਕੇ ਸਭ ਕੁਝ ਵੇਖ ਰਹੀ ਹੈ ਜਿਸ ਕਾਰਨ ਲੋਕਾਂ ਦਾ ਸਰਕਾਰ ਉਪਰੋਂ ਪੂਰੀ ਤਰ੍ਹਾਂ ਭਰੋਸਾ ਉੱਠ ਚੁੱਕਿਆ ਹੈ ਉਹਨਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਵਿੱਚ ਵਾਪਰੇ ਵੱਖ ਵੱਖ ਹਾਦਸਿਆਂ ਨੇ ਸਰਕਾਰ ਤੇ ਫੇਲ੍ਹ ਸਰਕਾਰ ਦਾ ਠੱਪਾ ਲਗਾ ਦਿੱਤਾ ਹੈ। ਇਸ ਮੌਕੇ ਕ੍ਰਿਸਨ ਗੋਪਾਲ ਨੀਲੂ ਮਿੱਤਲ ਜਿਲ੍ਹਾ ਮੀਤ ਪ੍ਰਧਾਨ,ਜਗਦੇਵ ਜਿੰਦਲ ਜੱਗਾ ਸਾਬਕਾ ਵਾਇਸ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ, ਜ਼ਿਲਾ ਜਨਰਲ ਸਕੱਤਰ ਗੱਗੂ ਤੂਰ, ਭੁਪੇਸ਼ ਜਿੰਦਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰੀ ਦੇ ਗੁਰੂ ਨਾਨਕ ਸਿੱਖ ਗੁਰੁਦੁਆਰਾ ਸਾਹਿਬ ਵਿਖੇ

# ਪੂਰੇ ਪਾਤਸ਼ਾਹੀ ਜਾਹੋ-ਜਲਾਲ ਨਾਲ ਕੱਢਿਆ ਗਿਆ ਹੋਲਾ-ਮਹੱਲਾ



ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):– ਗੁਰੂ ਨਾਨਕ ਸਿੱਖ ਗੁਰੂਦੁਆਰਾ ਸਾਹਿਬ ਸਰੀ/ਡੇਲਟਾ ਵਿਖੇ ਹੋਲਾ–ਮੁਹੱਲਾ ਨੂੰ ਮੁੱਖ ਰਖਦਿਆਂ ਹੋਇਆਂ ਹਰ ਸਾਲ ਦੀ ਤਰਾਂ ਇਸ ਸਾਲ ਵੀ ਵਿਸ਼ੇਸ਼ ਸਮਾਗਮ ਉਲੀਕੇ ਗਏ ਜਿਨਾਂ ਵਿੱਚ ਗਤਕੇ ਕੇ ਜੌਹਰ ਬੱਚਿਆਂ ਵੱਲੋਂ ਵਖਾਏ ਗਏ, ਜੰਗਜੂ ਮੁਕਾਬਲੇ ਹੋਏ ਅਤੇ ਲੰਗਰਾਂ ਦੇ ਸਟਾਲ ਵੀ ਲਗਾਏ ਗਏ ਇਸ ਦੇ ਨਾਲ–ਨਾਲ ਘੋੜ ਸਵਾਰੀਆਂ ਵੀ ਹੋਈਆਂ । ਭਾਈ ਨਰਿੰਦਰ ਸਿੰਘ ਖਾਲਸਾ ਵਲੋਂ ਭੇਜੀ ਗਈ ਰਿਪੋਰਟ ਮੁਤਾਬਿਕ ਉਲੀਕੇ ਗਏ ਸਮਾਗਮਾਂ ਦੇ ਵਿੱਚ ਹਜ਼ਾਰਾਂ ਦੀ ਗਿਣਤੀ ਦੇ ਵਿੱਚ ਸੰਗਤਾਂ ਇਕੱਤਰ ਹੋਈਆਂ । ਇਸ ਦੌਰਾਨ ਗੁਰੂ ਨਾਨਕ ਸਿੱਖ ਗੁਰਦਵਾਰਾ ਸਾਹਿਬ ਦੇ ਪ੍ਰਬੰਧਕ ਸਾਹਿਬਾਨ ਭਾਈ ਗੁਰਮੀਤ ਸਿੰਘ ਤੂਰ ਦੇ ਦੱਸਿਆ ਕਿ ਸਿੱਖੀ ਨਾਲ ਬੱਚਿਆਂ ਨੂੰ ਜੋੜਨ ਵਾਸਤੇ ਗੁਰੂ ਘਰ ਵੱਲੋਂ ਜਿੱਥੇ ਹਰ ਤਰਾਂ ਦੇ ਸਮਾਗਮ ਰੱਖੇ ਜਾਂਦੇ ਹਨ ਉਥੇ ਹੀ ਬੱਚਿਆਂ ਨੂੰ ਸ਼ਸਤਰ ਵਿੱਦਿਆ, ਗੁਰਮਤ ਦੀ ਵਿੱਦਿਆ ਅਤੇ ਕੀਰਤਨ ਦੀ ਵਿੱਦਿਆ ਵੀ ਦਿੱਤੀ ਜਾਂਦੀ ਹੈ ਤਾਂ ਜੋ ਉਹ ਧਰਮ ਨਾਲ ਜੁੜਨ ਅਤੇ ਸਿੱਖੀ ਨੂੰ ਮਜ਼ਬੂਤ ਬਣਾਉਣ । ਹਰ ਮਹੀਨੇ ਦੀ 18 ਜੂਨ ਨੂੰ ਗੁਰੂ ਘਰ ਦੇ ਮੁੱਖ ਸੇਵਾਦਾਰ ਅਤੇ ਕੌਮ ਦੇ ਮਹਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਜਰ ਨੂੰ ਸਮਰਪਿਤ ਵੈਨਕੂਵਰ ਵਿਖੇ ਭਾਰਤੀ ਕੌਂਸਲੇਟ ਦੇ ਸਾਹਮਣੇ ਵੱਡਾ ਵਿਰੋਧ ਪ੍ਰਦਰਸ਼ਨ ਹੁੰਦਾ ਹੈ ਓਸ ਵਿਚ ਵਡੀ ਗਿਣਤੀ ਅੰਦਰ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ । ਉਨ੍ਹਾਂ ਨੇ 23 ਮਾਰਚ ਨੂੰ ਅਮਰੀਕਾ ਦੇ ਲੋਸ ਐਂਜਲਿਸ ਵਿਖ਼ੇ ਹੋਣ ਵਾਲੀਆਂ ਵੋਟਾਂ ਵਿਚ ਵੀ ਸੰਗਤ ਨੂੰ ਵੱਧ ਤੋਂ ਵੱਧ ਪਹੁੰਚਣ ਦੀ ਬੇਨਤੀ ਵੀ ਕੀਤੀ ਤਾਂ ਜੋ ਕੌਮ ਦੀ ਅਜ਼ਾਦੀ ਲਈ ਚਲ ਰਹੇ ਸੰਘਰਸ਼ ਨੂੰ ਹੋਰ ਮਜਬੂਤ ਬਣਾਇਆ ਜਾ ਸਕੇ । ਇਸ ਦੌਰਾਨ ਗੁਰੂ ਘਰ ਦੇ ਪ੍ਰੰਬਧਕ ਸਾਹਿਬਾਨ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਗੁਰਮੀਤ ਸਿੰਘ ਗਿਲ, ਭਾਈ ਮਹਿਤਾਬ ਸਿੰਘ ਗਿੱਲ ਅਤੇ ਹੋਰ ਮੌਜੂਦ ਸਨ।

### ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਹਰ ਸਿੱਖ

# ਆਪੋ-ਆਪਣੀ ਸਮਰੱਥਾ ਅਨੁਸਾਰ ਬਣਦਾ ਫਰਜ਼ ਨਿਭਾਵੇ: ਪ੍ਰਭਸਰਵਣ ਸਿੰਘ




ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):–ਨਵੇਂ ਸਾਲ ਦੀ ਆਮਦ ਤੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਵਿਖੇ ਨਵੇਂ ਸਾਲ ਦੀ ਆਮਦ ਤੇ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਵੱਖ ਵੱਖ ਬੁਲਾਰਿਆਂ ਨੇ ਭਾਗ ਲਿਆ। ਇਸ ਸਮਾਗਮ ਦੀ ਸ਼ੁਰੂਆਤ ਕੀਰਤਨੀ ਸਿੰਘਾਂ ਨੇ ਆਨੰਦਮਈ ਕੀਰਤਨ ਰਾਹੀਂ ਸਿੱਖ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਭਾਈ ਪ੍ਰਭ ਸਰਵਣ ਸਿੰਘ ਨੇ ਸਟੇਜ ਤੇ ਬੋਲਦਿਆਂ ਕਿਹਾ ਕਿ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਹਰ ਸਿੱਖ ਨੂੰ ਆਪਣੀ ਸਮਰੱਥਾ ਅਨੁਸਾਰ ਬਣਦਾ ਫਰਜ਼ ਨਿਭਾਉਣਾ ਚਾਹੀਦਾ ਹੈ ਜਿਵੇਂ ਇੱਕ ਵਾਰ ਜੰਗਲ ਵਿੱਚ ਅੱਗ ਲੱਗ ਗਈ ਤੇ ਚਿੜੀ ਆਪਣੀ ਚੁੰਝ ਵਿੱਚ ਬਾਰ ਬਾਰ ਪਾਣੀ ਭਰ ਕੇ ਉਸ ਅੱਗ ਨੂੰ ਬੁਝਾਉਣ ਦਾ ਯਤਨ ਕਰ ਰਹੀ ਸੀ ਤਾਂ ਉਸ ਦੇ ਸਾਥੀ ਪੰਛੀਆਂ ਨੇ ਕਿਹਾ ਕਿ ਕੀ ਤੇਰੀ ਇਸ ਚ ਨਾਲ ਭਰੀ ਪਾਣੀ ਨਾਲ ਕੀ ਜੰਗਲ ਦੀ ਅੱਗ ਬੁਝ ਜਾਵੇਗੀ ਤਾਂ ਉਸ ਚਿੜੀ ਨੇ ਜਵਾਬ ਦਿੱਤਾ ਕਿ ਮੈਨੂੰ ਵੀ ਪਤਾ ਹੈ ਕਿ ਮੇਰੇ ਇਸ ਪਾਣੀ ਨਾਲ ਜੰਗਲ ਦੀ ਅੱਜ ਨਹੀਂ ਬੁਝਣੀ ਪਰ ਜਦੋਂ ਇਤਿਹਾਸ ਲਿਖਿਆ ਜਾਵੇਗਾ ਤਾਂ ਮੇਰਾ ਨਾਮ ਅੱਗ ਬੁਝਾਉਣ ਵਾਲਿਆਂ ਵਿੱਚ ਹੋਵੇਗਾ। ਸਿੱਖ ਕੌਮ ਨੂੰ ਦੇਸ਼ ਦੀ ਵੰਡ ਤੋਂ ਬਾਅਦ ਆਪਣੇ ਹੱਕਾਂ ਤੇ ਸਵੈ ਮਾਣ ਦੀ ਰੱਖਿਆ ਲਈ ਸਰਕਾਰਾਂ ਨਾਲ ਕਈ ਕਿਸਮ ਦੀਆਂ ਲੜਾਈਆਂ ਲੜਨੀਆਂ ਪੈ ਰਹੀਆਂ ਹਨ ਭਾਈ ਸੰਤੋਖ ਸਿੰਘ ਖੇਲਾ ਵਲੋਂ ਖਾਲਸਾ ਰਾਜ ਲਈ ਵੱਖ ਵੱਖ ਦੇਸ਼ਾਂ ਵਿੱਚ ਪੈ ਰਹੀਆਂ ਵੋਟਾਂ ਲਈ ਸਿੱਖ ਸੰਗਤਾਂ ਨੂੰ ਜਾਣੂ ਕਰਵਾਉਂਦਿਆਂ ਕਿਹਾ ਕਿ ਸਾਨੂੰ ਖਾਲਸਾ ਰਾਜ ਦੀ ਸਥਾਪਤੀ ਲਈ ਆਪਣੇ ਭੈਣਾਂ ਭਰਾਵਾਂ ਰਿਸ਼ਤੇਦਾਰਾਂ ਨੂੰ ਨਾਲ ਲੈ ਕੇ 23 ਮਾਰਚ 2025 ਨੂੰ ਅਮਰੀਕਾ ਦੇ ਸ਼ਹਿਰ ਲੋਸ ਐਂਜਲਸ ਵਿਖੇ ਪੈਣ ਵਾਲੀਆਂ ਵੋਟਾਂ ਵਿੱਚ ਵੱਧ ਚੜ ਕੇ ਤਨ ਮਨ ਧੰਨ ਨਾਲ ਸੇਵਾ ਦਾ ਯੋਗ ਪਾਈਏ ਅਤੇ ਹਰ ਸਿੱਖ ਨੂੰ ਆਪਣੀ ਵੋਟ ਨੂੰ ਖਾਲਸਾ ਰਾਜ ਦੇ ਹੱਕ ਵਿੱਚ ਭੁਗਤਾਣ ਦਾ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਭਾਈ ਹਰਜਿੰਦਰ ਸਿੰਘ ਕੋਹਲੀ ਨੇ ਕਿਹਾ ਕਿ ਖਾਲਸਾ ਰਾਜ ਦੀ ਪ੍ਰਾਪਤੀ ਤੱਕ ਸਾਡਾ ਸੰਘਰਸ਼ ਜਾਰੀ ਰਹੇਗਾ । ਖਾਲਸਾ ਰਾਜ ਦੀ ਸਥਾਪਤੀ ਲਈ ਸਾਡੇ ਲੱਖਾਂ ਹੀ ਨੌਜਵਾਨਾਂ ਨੇ ਸ਼ਹਾਦਤ ਦਾ ਜਾਮ ਪੀਤਾ ਹੈ। ਭਾਈ ਅਵਤਾਰ ਸਿੰਘ ਨੇ ਸਟੇਜ ਤੇ ਬੋਲਦਿਆਂ ਕਿਹਾ ਸਿੱਖੀ ਨੂੰ ਸ਼ੁਰੂ ਤੋਂ ਹੀ ਕਿਹੋ ਜਿਹੀਆਂ ਮਾਰੂ ਤਾਕਤਾਂ ਦਾ ਸਾਹਮਣਾ ਕਰਨਾ ਪਿਆ ਇੰਨੇ ਯਤਨਾਂ ਦੇ ਬਾਵਜੂਦ ਸਿੱਖੀ ਅਹਿਲ ਤੇ ਅਡੋਲ ਖੜੀ ਹੈ । ਇਸਦਾ ਇੱਕ ਹੀ ਕਾਰਨ ਹੈ ਕਿ ਇਸਦੀ ਬੁਨਿਆਦ ਸੱਚ ਉੱਤੇ ਰੱਖੀ ਗਈ ਹੈ ਸਾਹਿਬ ਗੁਰੂ ਨਾਨਕ ਦੇਵ ਜੀ ਨੇ ਆਪਣੇ ਦਸਾਂ ਜਾਮਿਆਂ ਵਿੱਚ ਸੱਚ ਦਾ ਸਿਰਫ ਪ੍ਰਚਾਰ ਹੀ ਨਹੀਂ ਕੀਤਾ ਸਗੋਂ ਉਸਨੂੰ ਜੀਵਨ ਦਾ ਆਧਾਰ ਬਣਾ ਕੇ ਉਸ ਨੂੰ ਆਪਣੇ ਅਮਲ ਵਿੱਚ ਸਮੋ ਕੇ ਪਿੱਛੇ ਤੁਰਨ ਵਾਲਿਆਂ ਨੂੰ ਸਦਾ ਜਿੰਦਾ ਰਹਿਣ ਲਈ ਜੀਵਨ ਜਾਂਚ ਸਿਖਾਈ ਹੈ। ਭਾਈ ਜਸਵਿੰਦਰ ਸਿੰਘ ਜਨਰਲ ਸੈਕਟਰੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਗੁਰਦੁਆਰਾ ਗੁਰੂ ਨਾਨਕ ਦਰਬਾਰ ਪਾਰਕ ਐਕਸ ਵੱਲੋਂ ਵੱਡੇ ਪੱਧਰ ਤੇ ਬੱਚਿਆਂ ਤੇ ਨੌਜਵਾਨਾਂ ਨੂੰ ਦਸਤਾਰ ਦੁਮਾਲਾ ਦੀਆਂ ਕਲਾਸਾਂ ਲਗਾ ਕੇ ਸਿੱਖੀ ਨਾਲ ਜੋੜਿਆ ਜਾਵੇਗਾ ਕਿਉਂਕਿ ਦਸਤਾਰ ਦਾ ਸਿੱਖੀ ਨਾਲ ਬਹੁਤ ਗੂੜ੍ਹਾ ਸਬੰਧ ਹੈ। ਸਿਰਫ ਸਿੱਖੀ ਹੀ ਅਜਿਹਾ ਧਰਮ ਹੈ ਜਿਸ ਵਿੱਚ ਦਸਤਾਰ ਬੰਨਣੀ ਜਰੂਰੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਖਾਲਸਾ ਦੀ ਸਥਾਪਨਾ ਕਰਨ ਵੇਲੇ ਹਰ ਇੱਕ ਸਿੱਖ ਨੂੰ ਦਸਤਾਰ ਧਾਰਨ ਕਰਨ ਲਈ ਕਿਹਾ ਤਾਂ ਕਿ ਨਿਆਰਾ ਖਾਲਸਾ ਹਜ਼ਾਰਾਂ–ਲੱਖਾਂ ਵਿਚੋਂ ਦੂਰੋਂ ਹੀ ਪਛਾਣਿਆ ਜਾ ਸਕੇ।

# ਪੰਜਾਬ ਦੇ ਲੋਕ ਨਸ਼ਾ ਰਹਿਤ ਅਤੇ ਨਰੋਏ ਸਮਾਜ ਲਈ "ਅਕਾਲੀ ਦਲ ਵਾਰਿਸ ਪੰਜਾਬ ਦੇ" ਨਾਲ ਜੁੜਨ : ਸ਼ਮਸ਼ੇਰ ਸਿੰਘ ਪੱਧਰੀ

## ਦਾਗੀ ਤੇ ਬਾਗੀ ਇਕ ਵਾਰ ਫਿਰ ਲੋਕਾਂ ਪੰਥਕ ਮਖੌਟਾ ਪਾਕੇ ਪੰਜਾਬੀਆਂ ਨੂੰ ਠੱਗਣ ਦੀ ਫਿਰਾਕ ਚ'

**ਅੰਮ੍ਰਿਤਸਰ 18 ਮਾਰਚ (ਆਵਾਜ਼ਿ ਕੌਮ ਬਿਊਰੋ)**- "ਅਕਾਲੀ ਦਲ ਵਾਰਿਸ ਪੰਜਾਬ ਦੇ" ਦੇ ਜਿਲਾ ਅੰਮ੍ਰਿਤਸਰ ਦੀ ਸ਼ਹਿਰੀ ਕਾਰਜਕਾਰਨੀ ਦੇ ਮੈਂਬਰ ਸ਼ਮਸ਼ੇਰ ਸਿੰਘ ਪੱਧਰੀ ਨੇ ਅੱਜ ਇੱਕ ਪ੍ਰੈਸ ਨੋਟ ਰਾਹੀਂ ਪੰਜਾਬ ਦੇ ਲੋਕਾਂ ਨੂੰ



ਨਸ਼ਾ ਰਹਿਤ ਅਤੇ ਨਰੋਏ ਸਮਾਜ ਦੀ ਸਿਰਜਨਾਂ ਲਈ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਪਾਰਟੀ ਨਾਲ ਜੁੜਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰਾਂ ਦੀ ਬੇਪਰਵਾਹੀ ਅਤੇ ਅਣਗਹਿਲੀ ਕਰਕੇ ਪੰਜਾਬ ਨਸ਼ਿਆਂ ਦੀ ਚੁੰਗਲ ਵਿੱਚ ਫਸ ਚੁੱਕਾ ਹੈ। ਸਰਕਾਰੀ ਅੰਕੜਿਆਂ ਅਨੁਸਾਰ ਹਰ ਰੋਜ਼ ਨਸ਼ੇ ਨਾਲ ਦਰਜਨਾਂ ਮੌਤਾਂ ਹੋ ਰਹੀਆਂ ਹਨ, ਪਰ ਪਹਿਲੀਆਂ ਤੇ ਮੌਜੂਦਾ ਸਰਕਾਰ ਨੇ ਅਜੇ ਤੱਕ ਕੋਈ ਢੁਕਵਾਂ ਹੱਲ ਨਹੀਂ ਲੱਭਿਆ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ, ਅਸੀਂ ਪੰਜਾਬ ਵਿੱਚ ਨਸ਼ਾ ਮਾਫੀਆ, ਸਰਕਾਰੀ ਧੱਕੇਸ਼ਾਹੀ ਅਤੇ ਗੈਰ–ਜ਼ਿੰਮੇਵਾਰ ਸਰਕਾਰਾਂ ਦੀ ਨੀਂਹ ਹਿਲਾਉਣ ਲਈ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਚਲਾਈ ਸਮਾਜਿਕ ਤੇ ਧਾਰਮਿਕ ਕੁਰੀਤੀਆਂ ਵਿਰੋਧੀ ਲਹਿਰ ਨੂੰ ਲੈਕੇ ਚੱਲੇ ਹਾਂ। 'ਅਕਾਲੀ ਦਲ ਵਾਰਿਸ ਪੰਜਾਬ ਦੇ' ਪਾਰਟੀ ਪੰਥਕ ਹਿਤਾਂ, ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਅਤੇ ਨੌਜਵਾਨਾਂ ਨੂੰ ਸੱਚੇ ਰਾਹ 'ਤੇ ਲਿਆਉਣ ਲਈ ਕਦਮ ਪੁੱਟ ਕਰ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੀ ਮੌਜੂਦਾ ਹਾਲਤ ਦੇ ਜ਼ਿੰਮੇਵਾਰ ਪੰਜਾਬ ਦੀਆਂ ਸਾਰੀਆਂ ਰਾਜਸੀ ਪਾਰਟੀਆਂ ਹਨ, ਜੋ ਨਿੱਜੀ ਫਾਇਦਿਆਂ ਲਈ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਰਹੀਆਂ ਹਨ। ਉਨ੍ਹਾਂ ਆਖਿਆ ਕਿ "ਅਕਾਲੀ ਦਲ ਵਾਰਿਸ ਪੰਜਾਬ ਦੇ" ਪੰਜਾਬ ਦੇ ਹਰ ਪਿੰਡ, ਹਰ ਸ਼ਹਿਰ ਅਤੇ ਹਰ ਪਰਿਵਾਰ ਤੱਕ ਭਾਈ ਅੰਮ੍ਰਿਤਪਾਲ ਸਿੰਘ ਜੀ ਵੱਲੋਂ ਸ਼ੁਰੂ ਕੀਤਾ ਨਸ਼ਾ ਮੁਕਤੀ ਦਾ ਸੰਦੇਸ਼ ਪਹੁੰਚਾਵੇਗਾ। ਪਾਰਟੀ ਇਸ ਮਿਸ਼ਨ ਲਈ ਵਿਸ਼ੇਸ਼ ਸਮੇਂ ਸਮੇਂ ਤੇ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ, ਜਿਸ ਵਿੱਚ ਇਲੈਕਟ੍ਰਾਨਿਕ ਮੀਡੀਆ ਅਤੇ ਹੋਰ ਵਿਅਕਤੀਗਤ ਸਾਧਨਾਂ ਰਾਹੀਂ ਧਾਰਮਿਕ ਪ੍ਰਚਾਰ ਨੂੰ ਅੱਗੇ ਵਧਾਇਆ ਜਾਵੇਗਾ। ਇਸਦੇ ਨਾਲ ਹੀ, ਪੱਧਰੀ ਨੇ ਖ਼ੁਲਾਸਾ ਕੀਤਾ ਕਿ ਦਾਗੀ ਤੇ ਬਾਗੀ ਅਕਾਲੀ ਆਗੂ, ਜੋ ਪਹਿਲਾਂ ਪੰਜਾਬ ਨੂੰ ਲੁੱਟ ਚੁੱਕੇ ਹਨ, ਹੁਣ ਆਪਣੇ ਹੀ ਬਣਾਏ ਹੋਏ ਲਾਹੇ ਜਥੇਦਾਰਾਂ ਦੀ ਢਾਲ ਲੈ ਕੇ ਮੁੜ ਪੰਜਾਬੀਆਂ ਨੂੰ ਠੱਗਣ ਦੀ ਫਿਰਾਕ ਵਿੱਚ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਚੋਕੰਨੇ ਹੋ ਚੁੱਕੇ ਹਨ। ਇਹਨਾਂ ਫ਼ਰਜ਼ੀ ਧਾਰਮਿਕ ਤੇ ਸਮਾਜਿਕ ਭਲਾਈ ਦੇ ਸਲੋਗਨਾਂ ਦੀ ਆੜ ਪਿੱਛੇ ਲੁਕੇ ਲੁਟੇਰਿਆਂ ਦੀ ਚਾਲਾਂ ਨੂੰ ਸਮਝ ਚੁੱਕੇ ਹਨ। ਭਾਈ ਪੱਧਰੀ ਨੇ ਪੰਜਾਬ ਦੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਝੂਠੇ ਤੇ ਮਤਲਬੀ ਅਕਾਲੀ ਲੀਡਰਾਂ ਤੇ ਨਕਲੀ ਪੰਥ ਧਾਰੀਆਂ ਤੋਂ ਬਚਣ। ਉਨ੍ਹਾਂ ਨੇ ਆਖਿਆ ਕਿ "ਅਕਾਲੀ ਦਲ ਵਾਰਿਸ ਪੰਜਾਬ ਦੇ" ਨਿਰਭਰਤਾ, ਨਿਸ਼ਚਿੰਤਤਾ ਅਤੇ ਗੁਰੂ–ਮਤ ਅਨੁਸਾਰ ਪੰਜਾਬ ਲਈ ਨਵਾਂ ਰਾਹ ਖੋਲ੍ਹਣ ਆਇਆ ਹੈ। ਅਸੀਂ ਪੰਜਾਬ ਨੂੰ ਬਚਾਉਣ ਲਈ ਆਏ ਹਾਂ, ਤੁਸੀਂ ਸਾਡੇ ਨਾਲ ਆਓ - ਅਸੀਂ ਨਸ਼ਿਆਂ ਦੀ ਜੜ੍ਹ ਪੱਟ ਕੇ ਹੀ ਰਹਾਂਗੇ।

# ਕੈਨੇਡਾ ਦੇ ਮੌਂਟਰੀਆਲ ਰਹਿਣ ਵਾਲੇ ਨੌਜਵਾਨਾਂ ਵਲੋਂ ਮਨੁੱਖਤਾ ਦੀ ਸੇਵਾ ਲਈ ਇੱਕ ਅਹਿਮ ਉਪਰਾਲਾ ਕੀਤਾ ਗਿਆ ਸ਼ੁਰੂ



ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ):– ਕੈਨੇਡਾ ਦੇ ਮੌਂਟਰੀਆਲ ਸ਼ਹਿਰ ਵਿਚ ਰਹਿਣ ਵਾਲੇ ਨੌਜਵਾਨਾਂ ਵਲੋਂ ਮਨੁੱਖਤਾ ਦੀ ਸੇਵਾ ਕਰਣ ਲਈ ਇੱਕ ਅਹਿਮ ਉਪਰਾਲਾ ਕੀਤਾ ਗਿਆ ਹੈ। ਹਰਿਆਣਾ ਦੇ ਰਹਿਣ ਵਾਲੇ ਨੌਜਵਾਨਾਂ ਨੇ ਆਪਣੀ ਪਰਸਨਲ ਗੱਡੀ ਵਿੱਚ ਗਰਭਵਤੀ ਔਰਤਾਂ ਲਈ ਅਤੇ ਬਜ਼ੁਰਗਾਂ ਲਈ ਫਰੀ ਸੇਵਾ ਖੋਲੀ ਹੈ । ਜਾਣਕਾਰੀ ਦਿੰਦੇ ਹੋਏ ਵਿਜੇ ਨੇ ਦੱਸਿਆ ਕਿ ਅਸੀਂ ਤਕਰੀਬਨ ਛੇ ਮਹੀਨਿਆਂ ਤੋਂ ਗਰਭਵਤੀ ਔਰਤਾਂ ਅਤੇ ਬਜ਼ੁਰਗਾਂ ਲਈ ਜਿਵੇਂ ਕਿ ਐਮਰਜੰਸੀ ਵਿੱਚ ਹਸਪਤਾਲ ਅਤੇ ਦਵਾਈ ਲੈਣ ਵਾਸਤੇ ਜਾਣ ਲਈ ਉਹਨਾਂ ਨੂੰ ਘਰ ਤੋਂ ਪਿੱਕ ਕਰਨਾ ਅਤੇ ਘਰ ਡਰੋਪ ਕਰਨਾ ਫਰੀ ਸੇਵਾ ਕਰਦੇ ਹਾਂ ਪਰ ਜਿਨਾਂ ਨੂੰ ਐਮਰਜੰਸੀ ਵਿੱਚ ਜਾਣਾ ਹੈ ਉਨਾਂ ਨੂੰ ਲਿਜਾਦੇ ਹਾਂ । ਅਗਰ ਕਿਸੇ ਨੇ ਰੈਗੂਲਰ ਚੈੱਕ ਅਪ ਕਰਵਾਣਾ ਹੋਵੇ ਤਾਂ ਉਹਨਾਂ ਨੂੰ ਇੱਕ ਦਿਨ ਪਹਿਲਾਂ ਫੋਨ ਕਰਕੇ ਸਾਨੂੰ ਦੱਸਣਾ ਪਵੇਗਾ । ਵਿਜੇ ਨੇ ਦੱਸਿਆ ਕਿ ਉਹ ਆਪਣੀ ਗੱਡੀ ਵਿੱਚ ਊਬਰ ਡਰਾਈਵ ਕਰਦੇ ਹਨ ਅਤੇ ਨਾਲ–ਨਾਲ ਲੋਕਾਂ ਦੀ ਫਰੀ ਸੇਵਾ ਕਰਦੇ ਹਨ । ਉਨ੍ਹਾਂ ਦਸਿਆ ਕਿ ਉਨਾਂ ਨੂੰ ਇਹ ਪ੍ਰੇਰਨਾ ਇੰਡੀਆ ਵਿੱਚ ਰਹਿੰਦੇ ਹੋਏ ਇਕ ਸੱਜਣ ਦੇ ਰਿਸ਼ਤੇਦਾਰ ਵੱਲੋਂ ਮਿਲੀ ਹੈ । ਇਹ ਉਪਰਾਲਾ ਬਹੁਤ ਹੀ ਸ਼ਲਾਘਾ ਯੋਗ ਹੈ ਜਿੱਥੇ ਕਿ ਕੈਨੇਡਾ ਵਿੱਚ ਕਿਸੇ ਵੀ ਵਿਅਕਤੀ ਕੰਮ ਤੋਂ ਸਿਵਾਏ ਵਕਤ ਨਹੀਂ ਹੈ ਉੱਥੇ ਹੀ ਇਹ ਨੌਜਵਾਨ ਆਪਣੇ ਕੀਮਤੀ ਸਮੇਂ ਤੋਂ ਆਪਣੇ ਕੰਮਕਾਰ ਛੱਡਕੇ ਮਨੁੱਖਤਾ ਲਈ ਨੇਕ ਉਪਰਾਲਾ ਕਰ ਰਹੇ ਹਨ । ਇਸ ਮੌਕੇ ਰਜਤ, ਅਸ਼ੂ, ਭੁਪਿੰਦਰ, ਨਿਕਲ , ਨਿਸ਼ਾਂਤ, ਵਿਕਰਮ ਅਤੇ ਹੋਰ ਬਹੁਤ ਸਾਰੇ ਨੌਜਵਾਨ ਹਾਜ਼ਰ ਸਨ।

# 'ਸਿਰਨਾਵਾਂ' ਕਾਵਿ ਸੰਗ੍ਰਹਿ ਦਾ ਭਾਸ਼ਾ ਵਿਭਾਗ ਵੱਲੋਂ ਲੋਕ-ਅਰਪਣ ਅਤੇ ਗੋਸ਼ਟੀ

**ਹੁਸ਼ਿਆਰਪੁਰ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਸ. ਜਸਵੰਤ ਸਿੰਘ ਜ਼ਫ਼ਰ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ, ਸ਼੍ਰੀਮਤੀ ਜਸਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਸੁਰਜੀਤ ਮੰਨਣਹਾਨੀ ਦਾ ਕਾਵਿ ਸੰਗ੍ਰਹਿ "ਸਿਰਨਾਵਾਂ" ਦਾ ਲੋਕ ਅਰਪਣ ਅਤੇ ਗੋਸ਼ਟੀ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਭਾਸ਼ਾ ਵਿਭਾਗ ਦੇ ਸ਼੍ਰੋਮਣੀ ਸਾਹਿਤਕਾਰ ਬਲਜਿੰਦਰ ਮਾਨ ਅਤੇ ਪ੍ਰਿੰਸੀਪਲ ਹਰਵਿੰਦਰ ਕੌਰ ਹੁਰਾਂ ਨੇ ਸ਼ਿਰਕਤ ਕੀਤੀ। ਡਾ. ਜਸਵੰਤ ਰਾਏ ਖੋਜ ਅਫ਼ਸਰ, ਹੁਸ਼ਿਆਰਪੁਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਸ਼ਬਦ ਆਖੇ। ਪੁਸਤਕ ਲੋਕ ਅਰਪਣ ਉਪਰੰਤ ਡਾ. ਰਾਏ ਨੇ ਪੁਸਤਕ 'ਤੇ ਚਰਚਾ ਸ਼ੁਰੂ ਕਰਦਿਆਂ ਕਿਹਾ ਕਿ ਸੁਰਜੀਤ ਮੰਨਣਹਾਨੀ ਮਿੰਨੀ ਕਹਾਣੀ ਦੇ ਖੇਤਰ ਤੋਂ ਕਵਿਤਾ ਵੱਲ ਪਰਤਿਆ ਹੈ। ਉਸ ਦੀਆਂ ਕਵਿਤਾਵਾਂ ਅਤੇ ਗੀਤਾਂ ਵਿਚ ਪੰਜਾਬੀ ਸੱਭਿਆਚਾਰ, ਸਮਾਜਿਕ ਸਰੋਕਾਰ, ਪਲੀਤ ਹੋ ਰਹੇ ਵਾਤਾਵਰਣ ਪ੍ਰਤੀ ਸੰਵੇਦਨਾ ਅਤੇ ਵਿਦੇਸ਼ ਗਏ ਪੰਜਾਬੀਆਂ ਦੇ ਭੂ–ਹੇਰਵੇ ਦੇ ਵਰਤਾਰੇ ਦੀ ਭਰਮਾਰ ਹੈ। ਪਿੰਡ ਦੀਆਂ ਯਾਦਾਂ, ਰੱਖੜੀ, ਦਾਜ ਪ੍ਰਥਾ, ਭੈਣ ਭਰਾ ਦਾ ਮੋਹ ਆਦਿ ਅਨੇਕਾਂ ਵਿਸ਼ਿਆਂ ਨਾਲ ਇਹ ਪੁਸਤਕ ਲਬਰੇਜ਼ ਹੈ। ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਬਲਜਿੰਦਰ ਮਾਨ ਨੇ ਸਿਰਨਾਵਾਂ ਪੁਸਤਕ ਬਾਰੇ ਗੱਲ ਕਰਦਿਆਂ ਕਿਹਾ ਕਿ ਸੁਰਜੀਤ ਮੰਨਣਹਾਨੀ ਦਿਨ ਰਾਤ ਸਾਹਿਤ ਦੇ ਅਧਿਐਨ ਅਤੇ ਸਿਰਜਣਾ ਵਿੱਚ ਜੁਟਿਆ ਹੋਇਆ ਹੈ। ਉਸ ਦੁਆਰਾ ਸਿਰਜੀ ਜਾ ਰਹੀ ਕਵਿਤਾ ਸਮੇਂ ਦੇ ਸਰੋਕਾਰਾਂ ਨੂੰ ਸੰਬੋਧਨ ਹੈ।

14 ਮਾਰਚ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਤ ਸਮਾਜ ਦੇ ਮਤਿਆਂ ਦੀ ਅਣਗੌਲੀ ਦੇ ਰੋਸ ਵਜੋਂ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ

# 28 ਮਾਰਚ ਨੂੰ ਬੱਜਟ ਇਜਲਾਸ ਮੌਕੇ ਰੋਸ ਪ੍ਰਦਰਸ਼ਨ ਕਰਨਾ ਸਮੇਂ ਅਤੇ ਸਿੱਖ ਪੰਥ ਦੀਆਂ ਭਾਵਨਾਵਾਂ ਵਾਲਾ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 18 ਮਾਰਚ ( ਕੁਲਵੰਤ ਸਿੰਘ ਵਿਰਦੀ)**-ਗੈਰ ਸਿਧਾਂਤਕ ਬਣਾਏ ਨਵੇਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਹਟਾਉਣ ਤੇ ਗਿਆਨੀ ਰਘਬੀਰ ਸਿੰਘ ਜੀ, ਗਿਆਨੀ ਹਰਪ੍ਰੀਤ ਸਿੰਘ ਜੀ ਤੇ ਗਿਆਨੀ ਸੁਲਤਾਨ ਸਿੰਘ ਜੀ ਨੂੰ ਮੁੜ ਬਹਾਲ ਕਰਵਾਉਣ ਸਬੰਧੀ 14 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ ਤੇ ਪੰਥਕ ਜਥੇਬੰਦੀਆਂ ਦੀ ਹਾਜ਼ਰੀ ਵਿੱਚ ਅੰਤ੍ਰਿੰਗ ਕਮੇਟੀ ਲਈ ਅਲਟੀਮੇਟਮ ਦੇ ਕੇ ਕੁੱਝ ਖਾਸ ਮਤੇ ਰੱਖੇ ਸਨ, ਪਰ ਬੀਤੇ ਦਿਨ ਚੰਡੀਗੜ੍ਹ ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਸਮੇਂ ਲੰਮੇ ਸਮੇਂ ਤੋਂ ਗਿਣੀ ਮਿਥੀ ਸਾਜਸ਼ ਤਹਿਤ ਆਪਣੇ ਆਹੁਦੇ ਤੋਂ ਅਸਤੀਫਾ ਦੇ ਚੁੱਕੇ ਭਾਈ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਇੱਕ ਵਾਰ ਫਿਰ ਨਾਂ ਮਨਜ਼ੂਰ ਕਰ ਲਿਆ ਗਿਆ, ਜਦੋਂ ਕਿ ਸੰਤਸਮਾਜ ਤੇ ਸਮੁੱਚੇ ਸਿੱਖ ਪੰਥ ਦੀਆਂ ਭਾਵਨਾਵਾਂ ਮੁਤਾਬਕ ਗਿਆਨੀ ਰਘਬੀਰ ਸਿੰਘ ਜੀ ,ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਤੇ ਗਿਆਨੀ ਸੁਲਤਾਨ ਸਿੰਘ ਜੀ ਨੂੰ ਬਹਾਲ ਕਰਨ ਲਈ ਅੰਤ੍ਰਿੰਗ ਕਮੇਟੀ ਕੋਈ ਫੈਸਲਾ ਨਾਂ ਲੈਣ ਦੇ ਵੱਡੇ ਦੋਸ਼ ਵਜੋਂ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ 28 ਮਾਰਚ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੱਜਟ ਇਜਲਾਸ ਮੌਕੇ ਸਮੁੱਚੇ ਸਿੱਖ ਪੰਥ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਦਿਨ ਸਮੁੰਦਰੀ ਹਾਲ ਦੇ ਬਹਾਰ ਅੰਤ੍ਰਿੰਗ ਕਮੇਟੀ ਵਿਰੁੱਧ ਸਾਂਤਮਈ ਰੋਸ ਪ੍ਰਦਰਸ਼ਨ ਕਰਨ ਲਈ ਵਹੀਰਾਂ ਘੱਤ ਕੇ ਪਹੁੰਚਣ ਦੀ ਲੋੜ ਤੇ ਜੋਰ ਦੇਣ, ਉਹਨਾਂ ਇਹ ਵੀ ਸਪਸ਼ਟ ਕਰ ਦਿੱਤਾ ਕਿ ਇਹ ਰੋਸ ਪ੍ਰਦਰਸ਼ਨ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਸ਼ੁਰੂ ਕੀਤਾ ਜਾਵੇਗਾ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸੰਤ ਮਹਾਂਪੁਰਸ਼ ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਦਿੱਤੇ ਸੱਦੇ ਦੀ ਪੂਰਨ ਹਮਾਇਤ ਕਰਨ ਦੇ ਨਾਲ-ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਤਾਰਪੀਡੋ ਕਰਨ ਵਾਲੇ ਫੈਸਲੇ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦੀ ਹੈ ਉਥੇ ਸੰਤ ਸਮਾਜ,ਸਮੁੱਚੇ ਸਿੱਖ ਪੰਥ, ਨਿਹੰਗ ਸਿੰਘ ਜਥੇਬੰਦੀਆਂ,ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨਾਂ, ਧਰਮੀ ਫੌਜੀਆਂ, ਸੰਪਰਦਾਵਾਂ ਦੇ ਮੁਖੀਆਂ ਦੇ ਨਾਲ ਨਾਲ ਸਮੂੱਚੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕਰਦੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਖਾਲਸਾ ਵੱਲੋਂ ਦਿੱਤੇ ਸੱਦੇ ਮੁਤਾਬਿਕ 28 ਮਾਰਚ ਦੇ ਬੱਜਟ ਇਜਲਾਸ ਸਮੇਂ ਸਮੁੰਦਰੀ ਹਾਲ ਦੇ ਬਹਾਰ ਰੋਸ ਪ੍ਰਦਰਸ਼ਨ ਕਰਨ ਲਈ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ ਤਾਂ ਕਿ ਅੰਤ੍ਰਿੰਗ ਕਮੇਟੀ ਵੱਲੋਂ ਸਿੱਖ ਪੰਥ ਦੀਆਂ ਭਾਵਨਾਵਾਂ ਤੇ ਤਖ਼ਤਾ ਦੇ ਜਥੇਦਾਰਾਂ ਵਿਰੁੱਧ ਲੈ ਫੈਸਲੇ ਵਿਰੁੱਧ ਕੋਈ ਨਵਾਂ ਪ੍ਰੋਗਰਾਮ ਉਲੀਕਿਆ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਅੰਤ੍ਰਿੰਗ ਕਮੇਟੀ ਵੱਲੋਂ 14 ਮਾਰਚ ਨੂੰ ਅਨੰਦਪੁਰ ਸਾਹਿਬ ਵਿਖੇ ਸਿੱਖ ਪੰਥ ਦੇ ਵੱਡੇ ਇਕੱਠ'ਚ ਅਲਟੀਮੇਟਮ ਲੈਂ ਕੇ ਪਾਸ ਕੀਤੇ ਮਤਿਆਂ ਦੀ ਪ੍ਰਵਾਹ ਨਾਂ ਕਰਨ ਦੇ ਰੋਸ ਵਜੋਂ 28 ਮਾਰਚ ਨੂੰ ਹਰਮੰਦਰ ਸਾਹਿਬ ਸਮੁੰਦਰੀ ਹਾਲ ਦੇ ਬਹਾਰ ਰੋਸ ਪ੍ਰਦਰਸ਼ਨ ਕਰਨ ਦੀ ਹਮਾਇਤ,ਅੰਤ੍ਰਿੰਗ ਕਮੇਟੀ ਵੱਲੋਂ ਸਿੱਖ ਪੰਥ ਦੀਆਂ ਭਾਵਨਾਵਾਂ ਤੇ ਤਖ਼ਤਾ ਦੇ ਜਥੇਦਾਰਾਂ ਸਾਹਿਬਾਨਾਂ ਵਿਰੁੱਧ ਲੈ ਫੈਸਲੇ ਦੀ ਨਿੰਦਾ ਅਤੇ ਸਮੁੱਚੇ ਸਿੱਖ ਪੰਥ ਨੂੰ 28 ਦੇ ਬੱਜਟ ਇਜਲਾਸ ਮੌਕੇ ਅੰਮ੍ਰਿਤਸਰ ਵਿਖੇ ਪਹੁੰਚਣ ਦੀ ਅਪੀਲ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਸਪੱਸ਼ਟ ਕੀਤਾ ਇਹ ਅਖੌਤੀ ਅੰਤ੍ਰਿੰਗ ਕਮੇਟੀ ਗੈਰ ਸਿਧਾਂਤਕ ਤੇ ਗ਼ੈਰ ਕਾਨੂੰਨੀ ਹੈ ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹੋਈਆਂ ਨੂੰ 15 ਸਾਲ ਬੀਤ ਚੁੱਕੇ ਹਨ ਜਦੋਂ ਕਿ ਸਿਧਾਂਤ ਮੁਤਾਬਕ 5 ਸਾਲ ਬਾਅਦ ਸ਼੍ਰੋਮਣੀ ਕਮੇਟੀ ਦੀ ਚੋਣ ਹੋਣੀ ਲਾਜ਼ਮੀ ਹੈ ਪਰ ਬਾਦਲਕਿਆਂ ਦੀ ਕੇਂਦਰ ਦੀ ਭਾਜਪਾਈ ਸਰਕਾਰ ਨਾਲ ਅੰਦਰਖਾਤੇ ਸਾਂਝ ਹੋਣ ਕਰਕੇ ਗੈਰ ਕਾਨੂੰਨੀ ਢੰਗ ਨਾਲ ਸਿੱਖਾ ਦੀ ਮਿੰਨੀ ਪਾਰਲੀਮੈਂਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਕਬਜ਼ਾ ਕਰੀ ਬੈਠੇ ਹਨ, ਭਾਈ ਖਾਲਸਾ ਨੇ ਕਿਹਾ ਹੁਣ ਤਾਂ ਹੱਦ ਹੀ ਗਈ ਹੈ ਕਿ ਦੋ ਦਸੰਬਰ ਨੂੰ ਛੇਵੇਂ ਪਾਤਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਦੇ ਮਹਾਨ ਮੀਰੀ ਪੀਰੀ ਵਾਲੇ ਸਿਧਾਂਤ ਦੀ ਰਾਖੀ ਕਰਨ ਹਿੱਤ ਬਣਾਏ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਸਾਹਿਬਾਨਾਂ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤਣ ਵਾਸਤੇ ਨੌਕਰਾਂ ਵਾਂਗ ਲਾਉਣ ਤੇ ਹਟਾਉਣ ਵਾਲੇ ਫੈਸਲਿਆਂ ਵਿਰੁੱਧ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ ,ਭਾਈ ਖਾਲਸਾ ਨੇ ਕਿਹਾ ਦੋ ਦਸੰਬਰ ਨੂੰ ਅਕਾਲ ਤਖ਼ਤ ਦੀ ਫਸੀਲ ਤੋਂ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਲੈ ਫ਼ੈਸਲਿਆਂ ਨੂੰ ਸ਼ਰੇਆਮ ਚੈਲੰਜ ਕਰਕੇ ਪੰਜ ਮੈਂਬਰੀ ਭਰਤੀ ਕਮੇਟੀ ਤੇ ਬਾਦਲਾਂ ਦੇ ਚੱਪਲ ਝਾੜਾਂ ਵੱਲੋਂ ਕਈ ਸਵਾਲ ਖੜ੍ਹੇ ਕੀਤੇ ਜਾ ਰਹੇ ਹਨ, ਭਾਈ ਖਾਲਸਾ ਨੇ ਕਿਹਾ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸਾਹਿਬ ਦੇ ਹੁਕਮਾਂ ਅਨੁਸਾਰ ਇਸ ਪੰਜ ਮੈਂਬਰੀ ਕਮੇਟੀ ਨੇ ਅੱਜ ਭਰਤੀ ਮੁਹਿੰਮ ਸ਼ੁਰੂ ਕਰਨ ਲਈ ਅਕਾਲ ਤਖ਼ਤ ਸਾਹਿਬ ਤੇ ਅਰਦਾਸ ਕੀਤੀ ਤੇ ਭਰਤੀ ਮੁਹਿੰਮ ਅਰੰਭੀ, ਭਾਈ ਖਾਲਸਾ ਨੇ ਸਪਸ਼ਟ ਕੀਤਾ ਗੈਰ ਸਿਧਾਂਤਕ ਗੈਰ ਮਰਯਾਦਾ ਤਹਿਤ ਬਣਾਏ ਜਥੇਦਾਰ ਨੇ ਇਸ ਮੌਕੇ ਕਮੇਟੀ ਨੂੰ ਵਧਾਈ ਦੇਣ ਦੀ ਬਜਾਏ ਅਕਾਲ ਤਖ਼ਤ ਸਾਹਿਬ ਤੇ ਚਿੱਠੀ ਪੱਤਰਾਂ ਰਾਹੀਂ ਚਾਹ ਦਾ ਸੱਦਾ ਦਿੱਤਾ ਹੈ, ਭਾਈ ਖਾਲਸਾ ਨੇ ਕਿਹਾ ਜਿਥੇ ਉਹਨਾਂ ਨੂੰ ਬਾਦਲਕਿਆਂ ਵੱਲੋਂ ਪੜਾਏ ਪੰਥ ਵਿਰੋਧੀ ਸਬਕ ਤਹਿਤ ਕੁਝ ਵੀ ਕਿਹਾ ਜਾ ਸਕਦਾ ਹੈ ਤਾਂ ਕਿ ਭਰਤੀ ਪ੍ਰਕਿਰਿਆ ਵਿਚ ਵਿਗਨ ਪਾਇਆ ਸਕੇ ਜਾਂ ਫਿਰ ਸੁਖਬੀਰ ਨੂੰ ਪ੍ਰਧਾਨ ਬਣਾਉਣ ਲਈ ਕੁਝ ਚਾਲ ਖੇਡੀ ਜਾ ਸਕਦੀ ਹੈ, ਭਾਈ ਖਾਲਸਾ ਨੇ ਕਿਹਾ ਅਜਿਹੇ ਹਲਾਤਾਂ ਵਿੱਚ ਦਮਦਮੀ ਟਕਸਾਲ ਜੋ ਸਿੱਖ ਪੰਥ ਦੇ ਹਿੱਤਾਂ ਤੇ ਚੜਦੀ ਕਲਾ ਲਈ ਹਮੇਸ਼ਾ ਅੱਗੇ ਹੋ ਲੜਦੀ ਰਹੀ ਹੈ ਦੇ ਸੂਝਵਾਨ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ 28 ਮਾਰਚ ਨੂੰ ਕਮੇਟੀ ਦੇ ਬੱਜਟ ਇਜਲਾਸ ਸਮੇਂ ਹਰਮੰਦਰ ਸਾਹਿਬ ਵਿਖੇ ਸਮੁੰਦਰ ਹਾਲ ਦੇ ਬਹਾਰ ਗੈਰ ਕਾਨੂੰਨੀ ਢੰਗ ਨਾਲ ਕਾਬਜ਼ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਲੈਂ ਫੈਸਲਿਆਂ ਵਿਰੁੱਧ ਸਾਂਤਮਈ ਢੰਗ ਤੇ ਸਤਿਨਾਮ ਵਾਹਿਗੁਰੂ ਦੇ ਜਾਪਾ ਨਾਲ ਰੋਸ ਪ੍ਰਦਰਸ਼ਨ ਕਰਨਾ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਵਧੀਆ ਤੇ ਸ਼ਲਾਘਾਯੋਗ ਫ਼ੈਸਲਾ ਉਪਰਾਲਾ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਇਸ ਦੀ ਪੂਰਨ ਹਮਾਇਤ ਕਰਦੀ ਹੋਈ ਸਮੁੱਚੇ ਸਿੱਖ ਪੰਥ ਨੂੰ 28 ਮਾਰਚ ਦੇ ਬੱਜਟ ਇਜਲਾਸ ਸਮੇਂ ਵੱਡੀ ਗਿਣਤੀ ਵਿਚ ਅੰਮ੍ਰਿਤਸਰ ਵਿਖੇ ਪਹੁੰਚਣ ਦੀ ਅਪੀਲ ਕਰਦੀ ਹੈ, ਇਸ ਮੌਕੇ ਤੇ ਭਾਈ ਵਿਰਸਾ ਸਿੰਘ ਪ੍ਰਧਾਨ ਨਾਲ ਕਈ ਫੈਡਰੇਸ਼ਨ ਆਗੂ ਤੇ ਹੋਰ ਸ਼ਾਮਲ ਸਨ।

ਸੁਪਰੀਮ ਕੋਰਟ ਨੇ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ ਵਿੱਚ

# ਦਿੱਲੀ ਹਾਈ ਕੋਰਟ ਤੋਂ ਪ੍ਰਗਤੀ ਰਿਪੋਰਟ ਮੰਗੀ: ਗੁਰਲਾਡ ਸਿੰਘ ਕਾਹਲੋਂ

**ਨਵੀਂ ਦਿੱਲੀ 18 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸੁਪਰੀਮ ਕੋਰਟ ਨੇ ਬੀਤੇ ਦਿਨ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ ਦੀ ਸੁਣਵਾਈ ਕਰਦਿਆਂ ਦਿੱਲੀ ਹਾਈ ਕੋਰਟ ਤੋਂ ਪ੍ਰਗਤੀ ਰਿਪੋਰਟ ਮੰਗੀ ਹੈ। ਅਦਾਲਤ ਨੇ ਕੇਂਦਰ ਅਤੇ

**ਅਦਾਲਤ ਨੇ ਕੇਂਦਰ ਅਤੇ ਦਿੱਲੀ ਸਰਕਾਰ ਨੂੰ ਖਾਰਜ ਕੀਤੀਆਂ ਪਟੀਸ਼ਨਾਂ 'ਤੇ ਐਸਐਲਪੀ ਦਾਇਰ ਕਰਨ ਦਾ ਵੀ ਦਿੱਤਾ ਨਿਰਦੇਸ਼**

ਦਿੱਲੀ ਸਰਕਾਰ ਨੂੰ ਖਾਰਜ ਕੀਤੀਆਂ ਪਟੀਸ਼ਨਾਂ 'ਤੇ ਐਸਐਲਪੀ ਦਾਇਰ ਕਰਨ ਦਾ ਵੀ ਨਿਰਦੇਸ਼ ਦਿੱਤਾ ਹੈ। ਮਾਮਲੇ ਬਾਰੇ ਜਾਣਕਾਰੀ ਦੇਂਦਿਆ ਸਰਦਾਰ ਗੁਰਲਾਡ ਸਿੰਘ ਕਾਹਲੋਂ ਨੇ ਦਸਿਆ ਕਿ 1984 ਦੇ ਸਿੱਖ ਕਤਲੇਆਮ ਦੌਰਾਨ ਦਿੱਲੀ ਵਿੱਚ ਹੋਏ 51 ਕਤਲਾਂ ਦੀ ਜਾਂਚ ਦੀ ਮੰਗ ਕਰਦੇ ਹੋਏ ਸਾਡੇ ਵਲੋਂ 2016 ਵਿਚ ਦਾਇਰ ਕੀਤੀ ਗਈ ਪਟੀਸ਼ਨ 'ਤੇ ਅਦਾਲਤ ਸੁਣਵਾਈ ਕਰ ਰਹੀ ਸੀ। ਉਨ੍ਹਾਂ ਦਸਿਆ ਕਿ ਸਾਡੇ ਵਲੋਂ ਦਾਇਰ ਕੀਤੀ ਗਈ ਪਟੀਸ਼ਨ ਨੇ ਸੁਪਰੀਮ ਕੋਰਟ ਨੂੰ 1984 ਦੇ ਸਿੱਖ ਕਤਲੇਆਮ, ਜਿਨ੍ਹਾਂ ਵਿੱਚ ਕਈ ਲੋਕਾਂ ਦੀ ਜਾਨ ਚਲੀ ਗਈ ਸੀ, ਦੇ ਮੁੜ ਖੋਲ੍ਹੇ ਗਏ 186 ਮਾਮਲਿਆਂ ਦੀ ਦੁਬਾਰਾ ਤੋ ਜਾਂਚ ਲਈ ਜਸਟਿਸ ਐਸ.ਐਨ. ਢੀਂਗਰਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕਰਨ ਲਈ ਪ੍ਰੇਰਿਤ ਕੀਤਾ।



ਉਨ੍ਹਾਂ ਦਸਿਆ ਕਿ ਪਿਛਲੀ ਸੁਣਵਾਈ ਵਿੱਚ, 17 ਫਰਵਰੀ ਨੂੰ, ਸੁਪਰੀਮ ਕੋਰਟ ਨੇ ਨਿਰਦੇਸ਼ ਦਿੱਤਾ ਸੀ ਕਿ ਵੱਖ-ਵੱਖ ਐਸਐਲਪੀ ਜਿਨ੍ਹਾਂ ਨੂੰ ਦਾਇਰ ਕੀਤੇ ਜਾਣ ਦੀ ਉਮੀਦ ਹੈ, ਨੂੰ ਸਾਡੇ ਵਲੋਂ ਦਾਇਰ ਮੌਜੂਦਾ ਪਟੀਸ਼ਨ ਦੇ ਨਾਲ ਜੋੜਨ ਲਈ ਭਾਰਤ ਦੇ ਚੀਫ ਜਸਟਿਸ ਦੇ ਸਾਹਮਣੇ ਰੱਖਿਆ ਜਾਵੇ। ਉਨ੍ਹਾਂ ਦਸਿਆ ਕਿ ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਰਜਿਸਟਰੀ ਨੇ ਚਾਰ ਸੁਓ ਮੋਟੂ ਰਿਵੀਜ਼ਨ ਪਟੀਸ਼ਨਾਂ 'ਤੇ ਸਥਿਤੀ ਰਿਪੋਰਟ ਦਾਇਰ ਨਹੀਂ ਕੀਤੀ ਹੈ, ਜਿਨ੍ਹਾਂ ਦਾ ਅਜੇ ਹਾਈ ਕੋਰਟ ਦੁਆਰਾ ਨਿਪਟਾਰਾ ਨਹੀਂ ਕੀਤਾ ਗਿਆ ਹੈ। ਇਸ ਤਰ੍ਹਾਂ, ਇਸਨੇ ਹਾਈ ਕੋਰਟ ਰਜਿਸਟਰੀ ਨੂੰ ਇਸ ਸਬੰਧ ਵਿੱਚ ਪ੍ਰਗਤੀ ਰਿਪੋਰਟ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। ਅਦਾਲਤ ਅੰਦਰ ਮਾਮਲੇ ਦੀ ਜ਼ਿਰਹ ਕਰਣ ਵਾਸਤੇ ਸਰਦਾਰ ਗੁਰਲਾਡ ਸਿੰਘ ਕਾਹਲੋਂ ਵਲੋਂ ਸੀਨੀਅਰ ਵਕੀਲ ਐਚਐਸ ਫੂਲਕਾ, ਅਮਰਜੀਤ ਸਿੰਘ ਬੇਦੀ, ਗਗਨਮੀਤ ਸਿੰਘ ਸਚਦੇਵਾ ਅਤੇ ਵਰੁਣ ਚੁੱਘ ਪੇਸ਼ ਹੋਏ ਸਨ । ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 25 ਮਾਰਚ ਨੂੰ ਹੋਵੇਗੀ।

# ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਇੱਕ ਸ਼ਲਾਘਾਯੋਗ ਕਦਮ ਠੇਕੇਦਾਰ ਤੇਜ਼ੀ ਅਟਵਾਲ



**ਧੂਰੀ (ਰਣਜੀਤ ਸਿੰਘ ਪੇਧਨੀ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਵਾਲਾ ਫੈਸਲਾ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਇਹ ਫੈਸਲਾ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਠੇਕੇਦਾਰ ਤੇਜ਼ੀ ਅਟਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰੀ ਰੋਕਣ ਅਤੇ ਨੌਜਵਾਨਾਂ ਨੂੰ ਨਸ਼ੇ ਵਰਗੇ ਦਲਦਲ ਵਿੱਚੋਂ ਕੱਢਣ ਲਈ ਇਹ ਮੁਹਿੰਮ ਵਰਦਾਨ ਸਾਬਿਤ ਹੋ ਰਹੀ ਹੈ। ਬੀਤੇ ਦਿਨੀਂ ਨਸ਼ਾ ਸਮਗਲਰਾਂ ਦੇ ਘਰਾਂ ਉੱਤੇ ਪ੍ਰਸ਼ਾਸਨ ਵੱਲੋਂ ਬਲਡੋਜ਼ਰ ਚਲਾਇਆ ਗਿਆ ਸੀ ਜਿਸ ਨੂੰ ਪੰਜਾਬ ਦੀ ਜਨਤਾ ਵੱਲੋਂ ਵੀ ਭਰਵਾਂ ਸਹਿਯੋਗ ਮਿਲਿਆ ਹੈ ਜਿਸ ਦੀ ਹਰ ਪਾਸੇ ਸਲਾਂਘਾ ਹੋ ਰਹੀ ਹੈ ਕਿਉਂਕਿ ਅੱਜ ਪੰਜਾਬ ਦਾ ਬੱਚਾ ਬੱਚਾ ਨਸ਼ੇ ਦੇ ਨਾਮ ਤੋਂ ਨਫ਼ਰਤ ਕਰਦਾ ਹੈ, ਪਰ ਕੁਝ ਪੰਜਾਬ ਵਿਰੋਧੀ ਅਨਸਰ ਚੰਦ ਪੈਸਿਆਂ ਬਦਲੇ ਪੰਜਾਬ ਦੀ ਜਵਾਨੀ ਬਰਬਾਦ ਕਰਨ ਵਿੱਚ ਲੱਗੇ ਹੋਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਕੈਬਨਿਟ ਮੀਟਿੰਗਾਂ ਸੱਦੀਆਂ ਜਾ ਰਹੀਆਂ ਹਨ ਜਿੰਨ੍ਹਾਂ ਵਿੱਚ ਮੁੱਖ ਮੁੱਦਾ ਨਸ਼ੇ ਨੂੰ ਹੀ ਰੱਖਿਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜਿੱਥੇ ਸਰਕਾਰ ਆਪਣੇ ਪੱਧਰ ਤੇ ਨਸ਼ੇ ਦੇ ਕਾਰੋਬਾਰੀਆਂ ਨੂੰ ਨਕੇਲ ਕੱਸਣ ਤੇ ਲੱਗੀ ਹੋਈ ਹੈ, ਉੱਥੇ ਆਮ ਲੋਕਾਂ ਦੀ ਵੀ ਜ਼ਿੰਮੇਵਾਰੀ ਬਣਦੀ ਹੈ, ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਨਾਲ ਜੁੜਨ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਇਸੇ ਤਰ੍ਹਾਂ ਹੀ ਨਸ਼ੇ ਦੇ ਸੌਦਾਗਰਾਂ ਵਿਰੁੱਧ ਕਾਰਵਾਈ ਕਰਦੀ ਰਹੀ ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਵਿੱਚੋਂ ਨਸ਼ੇ ਦੀ ਜੜ੍ਹ ਖ਼ਤਮ ਹੋ ਜਾਵੇਗੀ ਅਤੇ ਸੂਬਾ ਇੱਕ ਵਾਰ ਵਾਰ ' ਫਿਰ ਤੋਂ ਸੋਨੇ ਦੀ ਚਿੜ੍ਹੀ ਬਣ ਜਾਵੇਗਾ।

# ਕੇਜਰੀਵਾਲ ਦਾ ਲੁਧਿਆਣਾ ਵਿਖੇ ਬਿਆਨ ਸੁਤੰਤਰ ਅਤੇ ਨਿਰਪੱਖ ਚੋਣਾਂ ਲਈ ਖਤਰਾ: ਆਮ ਆਦਮੀ ਪਾਰਟੀ ਨੇ ਭਾਜਪਾ ਦੀ ਤਾਨਾਸ਼ਾਹੀ ਰਾਜਨੀਤੀ ਅਪਣਾ ਲਈ - ਖਹਿਰਾ



**ਚੰਡੀਗੜ੍ਹ, 18 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਵੱਲੋਂ ਲੁਧਿਆਣਾ 'ਚ ਦਿੱਤਾ ਗਿਆ ਬਿਆਨ ਸਿੱਧੇ ਤੌਰ 'ਤੇ ਵੋਟਰਾਂ ਨੂੰ ਡਰਾਉਣ ਅਤੇ ਲੋਕਤੰਤਰਿਕ ਪ੍ਰਕਿਰਿਆ ਨੂੰ ਖਤਮ ਕਰਨ ਦੀ ਕੋਸ਼ਿਸ਼ ਹੈ। ਉਨ੍ਹਾਂ ਵੱਲੋਂ ਲੋਕਾਂ ਨੂੰ ਕਿਹਾ ਗਿਆ ਕਿ ਜੇਕਰ ਉਹ ਲੁਧਿਆਣਾ ਵੈਸਟ ਦੀ ਉਪਚੋਣ 'ਚ ਆਪ ਉਮੀਦਵਾਰ ਨੂੰ ਵੋਟ ਨਹੀਂ ਪਾਉਂਦੇ ਤਾਂ ਉਨ੍ਹਾਂ ਦੇ ਕੰਮ ਨਹੀਂ ਹੋਣਗੇ। ਇਹ ਬਿਆਨ ਸਾਫ਼ ਦੱਸਦਾ ਹੈ ਕਿ ਕੇਜਰੀਵਾਲ ਲੋਕਾਂ ਨੂੰ ਆਪਣੇ ਹੱਕ 'ਚ ਵੋਟ ਪਾਉਣ ਲਈ ਡਰਾਨੇ-ਧਮਕਾਨੇ ਦੀ ਰਾਜਨੀਤੀ 'ਤੇ ਉਤਰ ਆਏ ਹਨ।

ਇਹ ਕੋਰਸੀਵ (ਜ਼ਬਰਦਸਤੀ) ਰਣਨੀਤੀ ਠੀਕ ਉਸੇ ਤਰੀਕੇ ਦੀ ਹੈ ਜੋ ਭਾਜਪਾ ਨੇ ਦਿੱਲੀ 'ਚ ਵਰਤੀ ਸੀ, ਜਿੱਥੇ ਲੋਕਾਂ ਨੂੰ ਧਮਕਾਇਆ ਗਿਆ ਕਿ ਕੇਂਦਰ 'ਚ ਭਾਜਪਾ ਦੀ ਸਰਕਾਰ ਹੋਣ ਕਰਕੇ ਉਨ੍ਹਾਂ ਨੂੰ ਲਾਭ ਸਿਰਫ਼ ਭਾਜਪਾ ਨੂੰ ਵੋਟ ਪਾਉਣ 'ਤੇ ਹੀ ਮਿਲੇਗਾ। ਕੇਜਰੀਵਾਲ, ਜੋ ਕਦੇ ਭਾਜਪਾ ਦੀ ਤਾਨਾਸ਼ਾਹੀ ਰਾਜਨੀਤੀ ਦੇ ਵਿਰੋਧੀ ਸਨ, ਹੁਣ ਉਨ੍ਹਾਂ ਦੀ ਹੀ ਰਣਨੀਤੀ ਅਪਣਾਉਂਦੇ ਹੋਏ ਵੋਟਰਾਂ 'ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਸਾਫ਼ ਕਰਦਾ ਹੈ ਕਿ ਆਮ ਆਦਮੀ ਪਾਰਟੀ ਨੇ ਆਪਣੀ "ਸਾਫ਼-ਸੁਥਰੀ" ਰਾਜਨੀਤੀ ਨੂੰ ਛੱਡ ਕੇ ਭੈ-ਭਰਮ ਅਤੇ ਧਮਕੀਆਂ ਦੀ ਰਾਹ ਪਕੜ ਲਈ ਹੈ।

ਇਸ ਤਰ੍ਹਾਂ ਦੇ ਬਿਆਨ ਨਿਰਪੱਖ ਅਤੇ ਆਜ਼ਾਦ ਚੋਣਾਂ ਦੇ ਮੂਲ ਭਾਵਨਾ ਦਾ ਉਲੰਘਣ ਹਨ ਅਤੇ ਪੰਜਾਬ ਦੀ ਲੋਕਤੰਤਰਿਕ ਵਿਵਸਥਾ ਲਈ ਵੀ ਖਤਰਾ ਹਨ। ਚੋਣਾਂ ਨੀਤੀਆਂ, ਕਾਰਗੁਜ਼ਾਰੀ ਅਤੇ ਦ੍ਰਿਸ਼ਟੀਕੋਣ 'ਤੇ ਲੜੀਆਂ ਜਾਣੀਆਂ ਚਾਹੀਦੀਆਂ ਹਨ, ਨਾ ਕਿ ਧਮਕੀਆਂ ਅਤੇ ਦਬਾਅ ਨਾਲ। ਕੇਜਰੀਵਾਲ ਦਾ ਇਹ ਬਿਆਨ ਸਾਫ਼ ਤੌਰ 'ਤੇ ਸੱਤਾ ਦਾ ਗਲਤ ਇਸਤੇਮਾਲ ਹੈ ਅਤੇ ਵੋਟਰਾਂ ਨੂੰ ਪ੍ਰਭਾਵਤ ਕਰਕੇ ਚੋਣੀ ਪ੍ਰਕਿਰਿਆ ਨੂੰ ਖਰਾਬ ਕਰਨ ਦੀ ਕੋਸ਼ਿਸ਼ ਹੈ। ਅਸੀਂ ਭਾਰਤੀ ਚੋਣ ਕਮਿਸ਼ਨ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਗੰਭੀਰ ਉਲੰਘਣਾ ਦੀ ਤੁਰੰਤ ਨੋਟਿਸ ਲਏ। ਲੁਧਿਆਣਾ ਵੈਸਟ ਦੇ ਲੋਕਾਂ ਨੂੰ ਆਪਣੇ ਵੋਟ ਦਾ ਅਧਿਕਾਰ ਨਿਡਰ ਹੋ ਕੇ ਅਤੇ ਕਿਸੇ ਵੀ ਦਬਾਅ ਤੋਂ ਬਿਨਾਂ ਵਰਤਣ ਦੀ ਪੂਰੀ ਆਜ਼ਾਦੀ ਹੋਣੀ ਚਾਹੀਦੀ ਹੈ। ਪੰਜਾਬ ਦੇ ਲੋਕਤੰਤਰ ਦੀ ਪਵਿਤਰਤਾ ਨੂੰ ਹਰ ਹਾਲ 'ਚ ਬਚਾਉਣਾ ਲਾਜ਼ਮੀ ਹੈ।

# ਜੇਕਰ 'ਆਪ-ਦਾ ਸਰਕਾਰ 'ਜਬਰਨ ਦਸ਼ਮੇਸ਼ ਨਹਿਰ ਪ੍ਰਾਜੈਕਟ ਤਹਿਤ ਕਿਸਾਨਾਂ ਦੀਆਂ ਜਮੀਨਾਂ ਖੋਹੇਗੀ ਤਾਂ ਭਾਜਪਾ ਕਿਸਾਨਾਂ ਦੇ ਹੱਕ ਵਿੱਚ ਲਗਾਏਗੀ ਪੱਕਾ ਮੋਰਚਾ : ਨਰਿੰਦਰ ਰਾਣਾ

**ਖਰੜ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਜੇਕਰ ' ਆਪ-ਦਾ ਸਰਕਾਰ ' ਜਬਰਨ ਦਸ਼ਮੇਸ਼ ਨਹਿਰ ਪ੍ਰਾਜੈਕਟ ਤਹਿਤ ਕਿਸਾਨਾਂ ਦੀਆਂ ਜਮੀਨਾਂ ਖੋਹੇਗੀ ਤਾਂ ਭਾਜਪਾ ਕਿਸਾਨਾਂ ਦੇ ਹੱਕ ਵਿੱਚ ਪੱਕਾ ਮੋਰਚਾ ਲਗਾਇਆ ਜਾਵੇਗਾ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਭਾਜਪਾ ਦੇ ਸੂਬਾ ਕਾਰਜਕਾਰਨੀ ਮੈਂਬਰ ਨਰਿੰਦਰ ਸਿੰਘ ਰਾਣਾ ਨੇ ਪ੍ਰੈੱਸ ਨੂੰ ਇਕ ਬਿਆਨ ਜਾਰੀ ਕਰਦਿਆਂ ਕੀਤਾ । ਉਨ੍ਹਾਂ ਕਿਹਾ ਕਿ ਹਲਕਾ ਖਰੜ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕਿਸਾਨਾਂ ਵਲੋਂ ਦਸ਼ਮੇਸ਼ ਕਨਾਲ ਨਹਿਰ ਦਾ ਲਗਾਤਾਰ ਵਿਰੋਧ ਕੀਤਾ ਜਾ ਰਿਹਾ ਹੈ। ਪਰ ਝੂਠੀਆਂ ਗਾਰੰਟੀਆ ਦੇ ਕੇ ਬਣੀ 'ਆਪ ਸਰਕਾਰ' ਆਮ ਜਨਤਾ ਲਈ ' ਆਪ-ਦਾ ' ਬਣ ਗਈ ਹੈ। ' ਆਪ-ਦਾ ਸਰਕਾਰ ' ਹੁਣ ਆਮ ਜਨਤਾ ਨਾਲ ਧੱਕੇਸ਼ਾਹੀ ਕਰ ਰਹੀ ਹੈ। ਹਲਕਾ ਖਰੜ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕਿਸਾਨਾਂ ਦੇ ਲਗਾਤਾਰ ' ਦਸ਼ਮੇਸ਼ ਕਨਾਲ ਨਹਿਰ ' ਦਾ ਵਿਰੋਧ ਕੀਤੇ ਜਾਣ ਦੇ ਬਾਵਜੂਦ ਜਬਰਨ ਨਹਿਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਨਰਿੰਦਰ ਰਾਣਾ ਨੇ ਕਿਸਾਨਾਂ ਨਾਲ ਕੀਤੇ ਜਾ ਰਹੇ ਇਸ ਇਸ ਧੱਕੇਸ਼ਾਹੀ ਨੂੰ ਕਿਸਾਨੀਂ ਦਾ ਘਾਣ ਦੱਸਦੇ ਹੋਏ ਪੰਜਾਬ ਸਰਕਾਰ ਤੋਂ ਇਸ ਪ੍ਰਾਜੈਕਟ ਨੂੰ ਤੁਰੰਤ ਰੱਦ ਕਰਨ ਜਾਂ ਕਿਸਾਨਾਂ ਦੀ ਸਹਿਮਤੀ ਨਾਲ ਰੂਟ ਬਦਲਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ 25-30 ਸਾਲ ਪਹਿਲਾਂ ਇਸ ਇਲਾਕੇ ਦੀ ਭੂਗੋਲਿਕ ਸਥਿਤੀ ਹੋਰ ਸੀ ਪਰ ਹੁਣ ਇਹ ਸਥਿਤੀ ਬਿਲਕੁਲ ਬਦਲ ਗਈ ਹੈ। ਹੁਣ ਇਸ ਇਲਾਕੇ ਦਾ ਸ਼ਹਿਰੀਕਰਨ ਹੋ ਗਿਆ ਹੈ। ਖਰੜ, ਮੋਹਾਲੀ ਅਤੇ ਚੰਡੀਗੜ੍ਹ ਵਰਗੇ ਵੱਡੇ ਸ਼ਹਿਰਾਂ ਨਾਲ ਲੱਗਣ ਕਾਰਨ ਇਹ ਪੈਂਡੂ ਇਲਾਕਾ ਕਮਰਸ਼ੀਅਲ ਇਲਾਕਾ ਬਣ ਗਿਆ ਹੈ। ਖੇਤੀਯੋਗ ਜਮੀਨਾਂ ਵਿੱਚ ਬਹੁਮੰਜ਼ਲਾਂ ਕਮਰਸ਼ੀਅਲ, ਰਿਹਾਇਸ਼ੀ, ਵਿਦਿਅਕ ਸੰਸਥਾਵਾਂ, ਯੂਨੀਵਰਸਿਟੀਜ਼, ਹਸਪਤਾਲ, ਮੈਰਿਜ ਪੈਲੇਸ ਅਤੇ ਹੋਰ ਬਹੁਤ ਸਾਰੇ ਵੱਡੇ ਪ੍ਰਾਜੈਕਟ ਸ਼ੁਰੂ ਹੋ ਚੁੱਕੇ ਹਨ। ਨਰਿੰਦਰ ਰਾਣਾ ਨੇ ਕਿਹਾ ਕਿ ਹਲਕਾ ਖਰੜ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕਿਸਾਨਾਂ ਦਾ ਭਾਰਤ ਮਾਲਾ ਗਰੀਨਫੀਲਡ ਹਾਈਵੇਅ, ਮੋਹਾਲੀ - ਸਰਹਿੰਦ ਹਾਈਵੇਅ, ਰੇਲਵੇ ਲਾਈਨ, ਐੱਸ ਵਾਈ ਐੱਲ ਨਹਿਰ ਆਦਿ ਕਈ ਹੋਰ ਪ੍ਰਾਜੈਕਟਾਂ ਕਾਰਨ ਪਹਿਲਾਂ ਹੀ ਬਹੁਤ ਜਿਆਦਾ ਨੁਕਸਾਨ ਤੇ ਉਜਾੜਾ ਹੋ ਚੁੱਕਾ ਹੈ। ਇਹਨਾਂ ਪਿੰਡਾਂ ਦੇ ਕਿਸਾਨ ਬਹੁਤ ਛੋਟੇ ਕਿਸਾਨ ਹਨ ਜਿਹਨਾਂ ਕੋਲ ਪਹਿਲਾਂ ਹੀ ਬਹੁਤ ਘੱਟ ਜਮੀਨਾਂ ਰਹਿ ਗਈਆਂ ਹਨ । ਇਹਨਾਂ ਪਿੰਡਾਂ ਦੇ ਕਿਸਾਨਾਂ ਅਨੁਸਾਰ ਹੁਣ ਇਹਨਾਂ ਨੂੰ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਜਰੂਰਤ ਨਹੀਂ ਰਹੀ। ਇਸ ਲਈ ਇਹਨਾਂ ਪਿੰਡਾਂ ਦੇ ਕਿਸਾਨ ਇਸ ਨਹਿਰ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਮੰਗ ਕਰ ਰਹੇ ਹਨ ਜਾਂ ਇਸ ਦੇ ਰੂਟ ਵਿੱਚ ਬਦਲਾਅ ਦੀ ਮੰਗ ਕਰ ਰਹੇ ਹਨ। ਨਰਿੰਦਰ ਰਾਣਾ ਨੇ ਕਿਹਾ ਕਿ ਹਲਕਾ ਖਰੜ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਕਿਸਾਨਾਂ ਦੇ ਮਨਾਂ ਵਿੱਚ ਇਹ ਖਦਸਾ ਪਾਇਆ ਜਾ ਰਿਹਾ ਹੈ ਕਿ ਇਸ ਨਹਿਰ ਦੇ ਬਣ ਜਾਣ ਤੋਂ ਬਾਅਦ ਘੱਟੋ-ਘੱਟ ਦੋ-ਕਿਲੋਮੀਟਰ ਦੇ ਘੇਰੇ ਅੰਦਰ ਦਾ ਏਰੀਆ ਗ੍ਰੀਨ ਬੇਲਟ ਡੇਕਲੇਅਰ ਹੋ ਜਾਵੇਗਾ, ਜਿਸ ਕਾਰਨ ਇਹਨਾਂ ਕਿਸਾਨਾਂ ਦੀਆਂ ਜਮੀਨਾਂ ਦੇ ਭਾਅ ਬੁਰੀ ਤਰ੍ਹਾਂ ਡਿੱਗ ਜਾਣਗੇ ਅਤੇ ਕੋਈ ਵੀ ਕਮਰਸ਼ੀਅਲ ਪ੍ਰਾਜੈਕਟ ਇਹਨਾਂ ਪਿੰਡਾਂ ਵਿੱਚ ਨਹੀਂ ਆਉਣਗੇ। ਕਿਸਾਨਾਂ ਵਲੋਂ ਇਹ ਵੀ ਖਦਸ਼ਾ ਜਤਾਇਆ ਜਾ ਰਿਹਾ ਹੈ ਕਿ ਇਸ ਨਹਿਰ ਦੇ ਬਣ ਜਾਣ ਤੋਂ ਬਾਅਦ ਇਸ ਨਹਿਰ ਦੀ ਆੜ੍ਹ ਵਿੱਚ ਲੁੱਟਮਾਰ, ਲੁੱਟਾਂ-ਖੋਹਾਂ, ਜੰਗਲੀ ਜਾਨਵਰਾਂ ਵਲੋਂ ਉਨ੍ਹਾਂ ਦੀਆਂ ਫਸਲਾਂ ਦਾ ਉਜਾੜਾ ਅਤੇ ਲੋਕਾਂ ਦੀਆਂ ਕੀਮਤੀ ਜਾਨਾਂ ਦਾ ਖੋਅ ਵੀ ਇਹ ਨਹਿਰ ਬਣੇਗੀ।

ਸ਼੍ਰੀਮਾਨ ਸੰਤ ਬਾਬਾ ਦਯਾ ਸਿੰਘ ਜੀ ਸੁਰ ਸਿੰਘ ਵਾਲਿਆਂ ਦੀ

# ਸਲਾਨਾ ਬਰਸੀ ਭਾਈ ਜਸਵੰਤ ਸਿੰਘ ਵਾੜ੍ਹਾ ਤੇਲੀਆਂ ਦੇ ਗ੍ਰਹਿ ਵਿਖੇ ਮਨਾਈ ਗਈ

## ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰਸਿੰਘ ਵਾਲਿਆਂ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ



















**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਘਰੋਂ ਵਰਸਾਏ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਗਿਆਰਵੇਂ ਜਾਨਸ਼ੀਨ ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਦਯਾ ਸਿੰਘ ਜੀ ਦੀ ਸਲਾਨਾ ਬਰਸੀ ਭਾਈ ਜਸਵੰਤ ਸਿੰਘ ਜੀ ਵਾੜਾ ਤੇਲੀਆਂ ਵਾਲਿਆਂ ਦੇ ਗ੍ਰਹਿ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਗਏ ਜਿਸ ਵਿੱਚ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਸੰਗਤਾਂ ਨਾਲ ਵਿਚਾਰਾਂ ਸਾਂਝੀਆਂ ਕੀਤੀਆਂ ਭਾਈ ਮੰਗਤ ਸਿੰਘ ਜੀ ਝਾੜ ਸਾਹਿਬ ਵਾਲਿਆਂ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਗੁਰਸ਼ਰਨ ਸਿੰਘ ਜੀ ਪ੍ਰਚਾਰਕ ਕਲਸੀਆਂ ਵਾਲਿਆਂ ਨੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਬਾਅਦ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਹਾਜਰੀ ਭਰੀ ਅਤੇ ਬੋਲਦਿਆਂ ਦੱਸਿਆ ਕਿ ਭਾਈ ਜਸਵੰਤ ਸਿੰਘ ਜੀ ਵਾੜਾ ਤੇਲੀਆਂ ਵਾਲਿਆਂ ਦਾ ਬਹੁਤ ਹੀ ਵਧੀਆ ਤੇ ਨੇਕ ਉਪਰਾਲਾ ਹੈ ਜੋ ਹਰ ਸਾਲ ਸੰਤ ਬਾਬਾ ਦਯਾ ਸਿੰਘ ਜੀ ਸੁਰ ਸਿੰਘ ਵਾਲਿਆਂ ਦੀ ਬਰਸੀ ਆਪਣੇ ਗ੍ਰਹਿ ਵਿਖੇ ਮਨਾਉਂਦੇ ਹਨ ਅਤੇ ਸੰਗਤਾਂ ਦੇ ਚਰਨ ਪਵਾਉਂਦੇ। ਜੋ ਮਹੀਨੇ ਬਾਅਦ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਲਿਆ ਕਰਕੇ ਸੁਖਮਨੀ ਸਾਹਿਬ ਦੇ ਜਾਪ ਕਰਵਾਉਂਦੇ। ਭਾਈ ਜਸਵੰਤ ਸਿੰਘ ਵੱਲੋਂ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਮੌਕੇ ਬਾਬਾ ਚਮਕੌਰ ਸਿੰਘ ਜੀ ਪਹੂਵਿੰਡ ਸਾਹਿਬ ਪੁਰਾਤਨ ਅਸਥਾਨ, ਸੁਖਵਿੰਦਰ ਸਿੰਘ ਸਾਬਕਾ ਚੇਅਰਮੈਨ ਵਾੜਾ ਤੇਲੀਆਂ, ਰਣਜੀਤ ਸਿੰਘ ਵਾੜਾ ਤੇਲੀਆਂ, ਸਤਨਾਮ ਸਿੰਘ ,ਬਾਬਾ ਜਸਪਾਲ ਸਿੰਘ ਲੱਧੂ, ਬਲਵੰਤ ਸਿੰਘ ਸਰਪੰਚ ,ਲੱਖਾ ਸਿੰਘ ਭੰਡਾਲਾ ਸਰਪੰਚ, ਕੁਲਵੰਤ ਸਿੰਘ ਸਰਪੰਚ ਵਾੜਾ ਸ਼ੇਰ ਸਿੰਘ, ਗੁਰਸ਼ਰਨ ਸਿੰਘ ,ਭਾਈ ਕਰਨੈਲ ਸਿੰਘ ਵਾੜਾ ਸ਼ੇਰ ਸਿੰਘ,ਗੁਰਦੇਵ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਪੰਥਕ ਆਗੂ ਸ ਗੁਰਦੀਪ ਸਿੰਘ ਬਰਾੜ ਬਠਿੰਡਾ ਦੀ ਸਤਿਕਾਰਯੋਗ ਮਾਤਾ ਬੀਬੀ ਬਲਦੇਵ ਕੌਰ ਜੀ ਦੇ

# ਅਰਦਾਸ ਸਮਾਗਮ ਵਿੱਚ ਵੱਡੀ ਗਿਣਤੀ 'ਚ ਸੰਗਤਾਂ ਪਹੁੰਚੀਆਂ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਸਿਮਰਨਜੀਤ ਸਿੰਘ ਮਾਨ ਸਮੇਤ ਅਨੇਕਾਂ ਪੰਥਕ ਆਗੂਆਂ, ਧਾਰਮਿਕ ਸਖ਼ਸ਼ੀਅਤਾਂ ਨੇ ਵੱਡੀ ਗਿਣਤੀ ਵਿੱਚ ਸਮੂਲੀਅਤ ਕੀਤੀ
























ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਥਕ ਆਗੂ ਭਾਈ ਗੁਰਦੀਪ ਸਿੰਘ ਬਠਿੰਡਾ ਦੇ ਸਤਿਕਾਰਯੋਗ ਮਾਤਾ ਬਲਦੇਵ ਕੌਰ ਜੀ ਨੂੰ ਸ਼ਰਧਾਂਜਲੀਆਂ ਭੇਂਟ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਕੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿਮਰਨਜੀਤ ਸਿੰਘ ਮਾਨ ਅਤੇ ਹੋਰ ਪੰਥਕ ਆਗੂਆਂ ਨੇ ਭਰੀ ਹਾਜ਼ਰੀ











ਪੰਥਕ ਆਗੂ ਭਾਈ ਗੁਰਦੀਪ ਸਿੰਘ ਬਠਿੰਡਾ ਦੇ ਸਤਿਕਾਰਯੋਗ ਮਾਤਾ ਬਲਦੇਵ ਕੌਰ ਜੀ ਦੀ ਅੱਜ ਅੰਤਿਮ ਅਰਦਾਸ ਵਿੱਚ ਸ਼ਰਧਾਂਜਲੀ ਭੇਂਟ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਆਗੂ ਸਾਹਿਬਾਨ ਹਾਜ਼ਰ ਸਿੱਖ ਸੰਗਤਾਂ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦ ਬਾਬਾ ਤਾਰਾ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਾਂ ਤਾਰਾ ਸਿੰਘ ਵਿਖੇ

# ਪ੍ਰੀਖਿਆ 2024-25 ਦਾ ਨਤੀਜਾ ਐਲਾਨਿਆ









**ਭਿੱਖੀਵਿੰਡ, 18 ਮਾਰਚ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਜ਼ਿਲ੍ਹਾ ਤਰਨ ਤਾਰਨ ਸਾਹਿਬ ਦੇ ਇਤਿਹਾਸਕ ਪਿੰਡ ਵਾਂ ਤਾਰਾ ਸਿੰਘ ਵਿਖੇ, ਸ਼ਹੀਦ ਬਾਬਾ ਤਾਰਾ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਾਂ ਤਾਰਾ ਸਿੰਘ ਵਿਖੇ' ਪ੍ਰਿੰਸੀਪਲ ਸ੍ਰ ਹਰਜੀਤ ਸਿੰਘ, ਚੇਅਰਮੈਨ ਸ੍ਰ ਸਰਬਜੀਤ ਸਿੰਘ ਅਤੇ ਸਮੂੰਹ ਸਟਾਫ ਵੱਲੋਂ ਪ੍ਰੀਖਿਆ 2024-25 ਦਾ ਨਤੀਜਾ ਐਲਾਨਿਆ ਗਿਆ। ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਸ਼ਾਨਦਾਰ ਨੰਬਰ ਲੈ ਕੇ ਪ੍ਰੀਖਿਆ ਪਾਸ ਕੀਤੀ। ਜਿਸ ਵਿੱਚ ਨਰਸਰੀ ਕਲਾਸ ਵਿੱਚੋਂ ਅਜਾਦਵੀਰ ਸਿੰਘ ਪੁੱਤਰ ਦਿਲਬਾਗ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਅੰਸ਼ਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਅਤੇ ਮਨਤਾਜ ਸਿੰਘ ਪੁੱਤਰ ਮੇਜਰ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਅਰਮਾਨਦੀਪ ਸਿੰਘ ਪੁੱਤਰ ਅੰਗਰੇਜ਼ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ⋆™7 ਕਲਾਸ ਵਿੱਚੋਂ ਨਵਨੀਤ ਕੌਰ ਪੁੱਤਰੀ ਬੋਹੜ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਪ੍ਰੀਤ ਕੌਰ ਪੁੱਤਰੀ ਗੁਰਲਾਲ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਮਨਸੀਰਤ ਕੌਰ ਪੁੱਤਰੀ ਰਸ਼ਪਾਲ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ”™7-1 ਕਲਾਸ ਵਿੱਚੋਂ ਜਸ਼ਨਦੀਪ ਸਿੰਘ ਪੁੱਤਰ ਗੁਰਸਾਬ ਸਿੰਘ ਅਤੇ ਏਕਮ ਸਿੰਘ ਪੁੱਤਰ ਮੇਜਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਨੂਰ ਸਿੰਘ ਪੁੱਤਰ ਦਿਲਬਾਗ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਯੁਵਰਾਜ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ”™7-2 ਕਲਾਸ ਵਿੱਚੋਂ ਮਨਵੀਰ ਸਿੰਘ ਪੁੱਤਰ ਗੁਰਬੀਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਜੋਤ ਕੌਰ ਪੁੱਤਰੀ ਗੁਰਲਾਲ ਸਿੰਘ ਅਤੇ ਗੁਰਕੀਰਤ ਸਿੰਘ ਪੁੱਤਰ ਲਵਜੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਅਨੂਪ੍ਰੀਤ ਕੌਰ ਪੁੱਤਰੀ ਹਰਜਿੰਦਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਪਹਿਲੀ ਕਲਾਸ ਵਿੱਚੋਂ ਅਲਮੋਲਪ੍ਰੀਤ ਕੌਰ ਪੁੱਤਰੀ ਸਵਿੰਦਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਮਨਜੋਤ ਕੌਰ ਪੁੱਤਰੀ ਕੁਲਦੀਪ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਖੁਸ਼ਪ੍ਰੀਤ ਕੌਰ ਪੁੱਤਰੀ ਜਗਜੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਦੂਸਰੀ ਕਲਾਸ ਵਿੱਚੋਂ ਪ੍ਰਭਲੀਨ ਕੌਰ ਪੁੱਤਰੀ ਦਿਲਬਾਗ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਕੀਰਤ ਸਿੰਘ ਪੁੱਤਰ ਅੰਗਰੇਜ਼ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਹਰਮਨਜੀਤ ਕੌਰ ਪੁੱਤਰੀ ਬਲਜੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਤੀਸਰੀ ਕਲਾਸ ਵਿੱਚੋਂ ਸੱਚਲੇਵ ਕੌਰ ਪੁੱਤਰੀ ਰਣਬੀਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਗੁਰਨੂਰ ਸਿੰਘ ਪੁੱਤਰ ਸਾਹਿਬ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਅਭੀਜੋਤ ਸਿੰਘ ਪੁੱਤਰ ਪਲਵਿੰਦਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਚੌਥੀ ਕਲਾਸ ਵਿੱਚੋਂ ਅਰਮਾਨਦੀਪ ਸਿੰਘ ਪੁੱਤਰ ਗੁਲਵਿੰਦਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਸਮਰਜੋਤ ਸਿੰਘ ਪੁੱਤਰ ਰਣਜੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਨਵਜੋਤ ਕੌਰ ਪੁੱਤਰੀ ਅੰਗਰੇਜ਼ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਛੇਵੀਂ ਕਲਾਸ ਵਿੱਚੋਂ ਸ਼ਰਦਾ ਪੁੱਤਰੀ ਅੰਗਰੇਜ਼ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਰਾਧਾ ਕੁਮਾਰੀ ਪੁੱਤਰੀ ਦੀਪਕ ਕੁਮਾਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਗੀਤ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਸਤਵੀਂ ਕਲਾਸ ਵਿੱਚੋਂ ਰਾਣਾ ਸਿੰਘ ਪੁੱਤਰ ਜੋਗਾ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਕੋਮਲਪ੍ਰੀਤ ਕੌਰ ਪੁੱਤਰੀ ਲਖਵਿੰਦਰ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਯੋਗਿਤਾ ਪੁੱਤਰੀ ਨਰਿੰਦਰ ਕੁਮਾਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਨੌਵੀਂ ਕਲਾਸ ਵਿੱਚੋਂ ਗੁਰਪ੍ਰੀਤ ਕੌਰ ਪੁੱਤਰੀ ਜੋਤਾ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਸੁਖਮਨਦੀਪ ਕੌਰ ਪੁੱਤਰੀ ਮਨਜੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ, ਜੋਤੀ ਕੌਰ ਪੁੱਤਰੀ ਜੋਗਾ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ,,, ਗਿਆਰਵੀਂ ਕਲਾਸ ਵਿੱਚੋਂ ਕੁਲਜੀਤ ਕੌਰ ਪੁੱਤਰੀ ਜੈਮਲ ਸਿੰਘ ਅਤੇ ਜਸ਼ਨਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਸੁਖਰਾਜ ਸਿੰਘ ਪੁੱਤਰ ਰੇਸ਼ਮ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸਦੇ ਨਾਲ ਵਿਦਿਆਰਥੀਆਂ ਨੂੰ ਗੁਰਬਾਣੀ, ਗੁਰ ਇਤਿਹਾਸ, ਸਿੱਖ ਇਤਿਹਾਸ ਅਤੇ ਸਿੱਖੀ ਪ੍ਰੰਪਰਾਵਾਂ ਵਿੱਚ ਨਿਪੁੰਨ ਕਰਨ ਲਈ ਗੁਰਮਤਿ ਅਧਿਆਪਕ ਸ੍ਰ ਸੁਖਦੇਵ ਸਿੰਘ ਕੰਬੋਕੇ ਵੱਲੋਂ ਕਲਾਸਾਂ ਸ਼ੁਰੂ ਕੀਤੀਆਂ ਹਨ ਅਤੇ ਦਸਤਾਰ, ਦੁਮਾਲਾ ਅਤੇ ਪੱਗਾਂ ਦੀ ਸਿਖਲਾਈ ਲਈ ਦਸਤਾਰ ਕੋਚ ਸ੍ਰ ਅਰਸ਼ਦੀਪ ਸਿੰਘ ਵਿਸ਼ੇਸ਼ ਤੌਰ ਤੇ ਕਲਾਸਾਂ ਲਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਸੈਸ਼ਨ 2025-26 ਦਾ ਦਾਖਲਾ ਸ਼ੁਰੂ : ਗੁਰਮਤਿ ਟੀਚਰ ਅਤੇ ਦਸਤਾਰ ਸਿਖਲਾਈ ਦਾ ਵਿਸ਼ੇਸ਼ ਪ੍ਰਬੰਧ

# ਸਿਟੀ ਪੁਲਿਸ ਧੂਰੀ ਵੱਲੋਂ ਐਕਟਿਵਾ ਖੋਹਣ ਵਾਲੇ ਮੁਲਜਮਾਂ ਨੂੰ ਕੀਤਾ ਗਿਆ ਗ੍ਰਿਫਤਾਰ




ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ ਸਾਹਿਬ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਅਤੇ ਸ੍ਰੀ ਮਨਦੀਪ ਸਿੰਘ, ਧੂਰੀ ਜੀ ਦੀ ਅਗਵਾਈ ਹੇਠ ਕੰਮ ਕਰਦੇ ਹੋਏ ਇੰਸਪੈਕਟ ਜਸਵੀਰ ਸਿੰਘ ਤੂਰ ਮੁੱਖ ਅਫਸਰ ਥਾਣਾ ਸਿਟੀ ਧੂਰੀ ਨੇ ਜਾਣਕਾਰੀ ਦਿੰਦੇ ਹੋਇਆ ਦੱਸਿਆ ਕਿ ਜੋ ਮਿਤੀ 15.02.2025 ਨੂੰ ਸ੍ਰੀ ਰਾਜ ਕੁਮਾਰ ਪੁੱਤਰ ਮਦਨ ਲਾਲ ਵਾਸੀ ਵਾਰਡ ਨੰ. 09. ਏਕਤਾ ਵਿਹਾਰ ਧੂਰੀ ਅਤੇ ਉਸਦਾ ਲੜਕਾ ਸੌਰਵ ਗਰਗ ਜੋ ਆਪਣੀ ਦੁਕਾਨ ਬੰਦ ਕਰਕੇ ਦੋਵੇ ਅਲੱਗ-ਅਲੱਗ ਐਕਟੀਵਾ ਤੇ ਆਪਣੇ ਘਰ ਨੂੰ ਜਾ ਰਹੇ ਸੀ, ਤਾ ਧੂਰੀ ਪਿੰਡ ਦੇ ਸਰਕਾਰੀ ਸਕੂਲ ਪਾਸ ਦੋ ਨਾਮਾਲੂਮ ਵਿਅਕਤੀਆ ਜਿਨਾ ਨੇ ਆਪਣੇ ਮੂੰਹ ਬੰਨੇ ਹੋਏ ਸਨ ਨੇ ਸੋਰਵ ਗਰਗ ਪਾਸੋ ਸਕੂਟਰੀ ਖੋਹਣ ਦੀ ਕੋਸਿਸ ਕੀਤੀ ਗਈ । ਜਿਸ ਪਰ ਮੁਕੱਦਮਾ ਨੰਬਰ 25 ਮਿਤੀ 16,2,25 ਅ/ਧ 303,115 ( 2) 62 ✫ ਐਨ.ਐਸ ਥਾਣਾ ਸਿਟੀ ਧੂਰੀ ਬਰਖਿਲਾਫ ਸਬੰਧੀ ਦੇ ਨਾਮਲੂਮ ਵਿਆਕਤੀਆ ਨੂੰ ਦਰਜ ਕਰਕੇ ਤਫਤੀਸ ਅਮਲ ਵਿੱਚ ਲਿਆਦੀ ਗਈ ਸੀ ਉਨ੍ਹਾਂ ਕਿਹਾ ਕਿ ਤਫਤੀਸ ਦੌਰਾਨੇ ਤਫਤੀਸ ਸਥ ਦਰਸਨ ਸਿੰਘ ਸਮੇਤ ਟੀਮ ਵੱਲੋ ਮੁਕਦਮੇ ਦੀ ਜਾਂਝ ਕਰਦੇ ਹੋਏ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਏ ਮੁੱਕਦਮਾ ਉਕਤ ਵਿਚ ਦੋ ਦੋਸੀਆਨ ਗਗਨਦੀਪ ਸਿੰਘ ਉਰਫ ਨਵੀ ਕਾਤੀਆ ਪੁੱਤਰ ਸੰਸਾਰ ਸਿੰਘ ਵਾਸੀ ਪਿੰਡ ਹਰਚੰਦਪੁਰਾ ਥਾਣਾ ਸਦਰ ਧੂਰੀ ਅਤੇ ਵਰਿੰਦਰ ਸਿੰਘ ਉਰਫ ਬੰਟੀ ਪੁੱਤਰ ਸਰਬਜੀਤ ਸਿੰਘ ਵਾਸੀ ਧਰਮਪੁਰਾ ਮੁਹੱਲਾ ਧੂਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਜਿੰਨਾਂ ਨੂੰ ਮਾਨਯੋਗ ਅਦਾਲਤ ਵਿਚ ਪੇਸ ਕੀਤਾ ਜਾਵੇਗਾ। ਦੋਸੀਆਨ ਦੇ ਖਿਲਾਫ ਹੋਰ ਵੀ ਮੁਕਦਮੇ ਦਰਜ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੇਰੇ ਵਿੱਚ ਪ੍ਰਗਟਾਏ ਭਰੋਸੇ ਉੱਤੇ ਖਰਾ ਉਤਰ ਸਕਾਂ ਅਤੇ ਭਵਿੱਖ ਵਿੱਚ ਗੁਰੂ ਸਾਹਿਬ ਦੀ ਭੈਅ-ਭਾਵਨੀ ਵਿੱਚ ਰਹਿ ਕੇ ਪੰਥਕ ਦੀ ਚੜ੍ਹਦੀ ਕਲਾ ਲਈ ਕਾਰਜ ਕਰ ਸਕਾਂ : ਹਰਜਿੰਦਰ ਸਿੰਘ ਧਾਮੀ



ਪਿਛਲੇ ਦਿਨੀਂ ਮੇਰੇ ਵੱਲੋਂ ਅਸਤੀਫ਼ਾ ਦੇਣ ਬਾਅਦ ਕੌਮ ਦੇ ਵੱਖ-ਵੱਖ ਹਿੱਸਿਆਂ, ਜਿਨ੍ਹਾਂ ਵਿੱਚ ਸਿੰਘ ਸਾਹਿਬਾਨ, ਧਾਰਮਿਕ ਜਥੇਬੰਦੀਆਂ ਦੇ ਆਗੂ, ਨਿਹੰਗ ਸਿੰਘ ਸੰਪਰਦਾਵਾਂ ਦੇ ਮੁਖੀ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸ਼ਾਮਲ ਹਨ, ਨੇ ਪੰਥ ਦੇ ਵਡੇਰੇ ਹਿੱਤਾਂ ਲਈ ਮੈਨੂੰ ਸੇਵਾਵਾਂ ਜਾਰੀ ਰੱਖਣ ਲਈ ਪ੍ਰਰਿਤ ਕੀਤਾ। ਇਸ ਦੌਰਾਨ ਲੰਘੇ ਕੱਲ੍ਹ ਪੰਥ ਦੀ ਅਵਾਜ਼ ਮਹਿਸੂਸ ਕਰਦਿਆਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਮੇਰਾ ਅਸਤੀਫ਼ਾ ਸਰਬਸੰਮਤੀ ਨਾਲ ਅਪ੍ਰਵਾਨ ਕਰ ਦਿੱਤਾ ਸੀ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਸੇਵਾਵਾਂ ਜਾਰੀ ਰੱਖਣ ਲਈ ਕਹਿਣ ਵਾਸਤੇ ਮੇਰੀ ਰਿਹਾਇਸ਼ ਉੱਤੇ ਆ ਕੇ ਮਿਲੇ ਸਨ। ਅੱਜ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਨੇ ਵੀ ਪੰਥਕ ਸੇਵਾ ਨਿਭਾਉਂਦੇ ਰਹਿਣ ਲਈ ਆਖਿਆ। ਮੈਂ ਪੰਥ ਦੇ ਹਰ ਵਰਗ ਦੀ ਭਾਵਨਾ ਦਾ ਸਤਿਕਾਰ ਕਰਦਿਆਂ ਇਹ ਸੇਵਾਵਾਂ ਨੂੰ ਜਾਰੀ ਰੱਖਣਾ ਪ੍ਰਵਾਨ ਕਰਦਾ ਹਾਂ। ਯਤਨ ਕਰਾਂਗਾ ਕਿ ਸਮੂਹ ਸਿੱਖ ਜਥੇਬੰਦੀਆਂ ਤੇ ਸੰਸਥਾਵਾਂ ਵੱਲੋਂ ਮੇਰੇ ਵਿੱਚ ਪ੍ਰਗਟਾਏ ਭਰੋਸੇ ਉੱਤੇ ਖਰਾ ਉਤਰ ਸਕਾਂ ਅਤੇ ਭਵਿੱਖ ਵਿੱਚ ਗੁਰੂ ਸਾਹਿਬ ਦੀ ਭੈਅ-ਭਾਵਨੀ ਵਿੱਚ ਰਹਿ ਕੇ ਪੰਥਕ ਦੀ ਚੜ੍ਹਦੀ ਕਲਾ ਲਈ ਕਾਰਜ ਕਰ ਸਕਾਂ।

**-ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਬਲਬੀਰ ਸਿੰਘ ਵੀਰਾ ਭਾਈ ਗੁਰਚਰਨ ਸਿੰਘ ਪਿੰਡ ਦਾਦੂ ਸਾਹਿਬ ਵੱਲੋਂ

# ਆਪਣੇ ਨਵੇਂ ਘਰ ਦਾ ਨੀਂਹ ਪੱਥਰ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਕੋਲੋਂ ਰਖਵਾਇਆ









ਭਾਈ ਬਲਬੀਰ ਸਿੰਘ ਵੀਰਾ ਭਾਈ ਗੁਰਚਰਨ ਸਿੰਘ ਪਿੰਡ ਦਾਦੂ ਸਾਹਿਬ ਵੱਲੋਂ ਆਪਣੇ ਨਵੇਂ ਘਰ ਦਾ ਨੀਂਹ ਪੱਥਰ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਕੋਲੋਂ ਰਖਵਾਇਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਥੇਦਾਰ ਦੀ ਤਾਜਪੋਸ਼ੀ ਕੀਤੇ ਜਾਣ ਦੌਰਾਨ ਤਖ਼ਤਾ ਦੇ ਹੋਏ ਅਪਮਾਨ ਤੇ ਮਰਿਆਦਾ ਦੀ ਕੀਤੀ ਗਈ ਦੇ ਰੋਸ ਵਜੋਂ

# ਮੰਗ ਪੱਤਰ ਸੌਂਪਿਆ






ਆਵਾਜ਼ਿ ਕੌਮ AWAZE QAUM International Newspaper & WEB TV




ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਥੇਦਾਰ ਦੀ ਤਾਜਪੋਸ਼ੀ ਕੀਤੇ ਜਾਣ ਦੌਰਾਨ ਤਖ਼ਤਾ ਦੇ ਹੋਏ ਅਪਮਾਨ ਤੇ ਮਰਿਆਦਾ ਦੀ ਕੀਤੀ ਗਈ ਦੇ ਰੋਸ ਵਜੋਂ ਅੱਜ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਹੈਡ ਗ੍ਰੰਥੀ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ ਅਤੇ ਗ੍ਰੰਥੀ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ , ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਐਡੀਸ਼ਨਲ ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸਮੂਹ ਮੈਂਬਰ ਅੰਤ੍ਰਿਗ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਮੰਗ ਪੱਤਰ ਸੌਂਪਿਆ



ਸੇਵਾ ਵਿਖੇ

ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ,
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ,
ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ।
ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫਤਿਹ ।

[illegible]

ਹਾਜ਼ਰ ਐਸ.ਜੀ.ਪੀ.ਸੀ. ਦੇ ਕੁਝ ਅਹੁਦੇਦਾਰਾਂ ਨੂੰ ਤਨਖਾਹੀਆ ਕਰਾਰ ਦੇਣ ਅਤੇ ਜਦੋਂ ਉਹ ਲੱਗੀ ਹੋਈ ਤਨਖਾਹ ਪੂਰੀ ਕਰ ਲੈਣ। ਫਿਰ ਐਸ.ਜੀ.ਪੀ.ਸੀ. ਅਤੇ ਸਮੂਚਾ ਸਿੱਖ ਪੰਥ ਆਪ ਫੈਸਲਾ ਲਵੇ ਕਿ ਇਸ ਬਾਰੇ ਕੀ ਨਿਰਣਾ ਲੈਣਾ ਹੈ।

ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫਤਿਹ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243